




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 12 ਫਰਵਰੀ 2025

Email:- lokbani08@gmail.com








R. N. I. Punpun/29016/2008 * ਸਾਲ 16 , * ਅੰਕ : 239, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111







## ਟਰੰਪ ਨੇ ਹਮਾਸ ਮਾਮਲੇ ਵਿੱਚ ਹੋਏ ਸਖਤ



ਵਾਸ਼ਿੰਗਟਨ,, ਲੋਕ ਬਾਣੀ– ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਸੋਮਵਾਰ ਨੂੰ ਕਿਹਾ ਕਿ ਜੇਕਰ ਹਮਾਸ ਸ਼ਨੀਵਾਰ 12 ਵਜੇ ਤੱਕ ਬਾਕੀ ਬਚੇ ਬੰਦੀਆਂ ਨੂੰ ਰਿਹਾਅ ਨਹੀਂ ਕਰਦਾ ਹੈ ਤਾਂ 'ਹਾਲਾਤ ਵਿਗੜ ਜਾਣਗੇ'। ਓਵਲ ਦਫਤਰ ਵਿਚ ਟਰੰਪ ਨੇ ਪੱਤਰਾਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਮਾਸ ਨੂੰ ਪਤਾ ਲੱਗ ਜਾਵੇਗਾ ਕਿ ਮੇਰਾ ਕੀ ਮਤਲਬ ਹੈ। ਜ਼ਿਕਰਯੋਗ ਹੈ ਕਿ 7 ਅਕਤੂਬਰ, 2023 ਨੂੰ ਹਮਾਸ ਦੇ ਅਤਿਵਾਦੀਆਂ ਵੱਲੋਂ ਬੰਦੀ ਬਣਾਏ ਗਏ 251 ਵਿਅਕਤੀਆਂ ਵਿੱਚੋਂ 73 ਅਜੇ ਵੀ ਉਨ੍ਹਾਂ ਦੀ ਹਿਰਾਸਤ ਵਿੱਚ ਹਨ, ਇਜ਼ਰਾਈਲ ਨੇ ਇਨ੍ਹਾਂ 'ਚੋਂ 34 ਨੂੰ ਮ੍ਰਿਤਕ ਐਲਾਨ ਦਿੱਤਾ ਹੈ ਅਤੇ ਬਾਕੀਆਂ ਨੂੰ ਇਜ਼ਰਾਈਲੀ ਹਿਰਾਸਤ ਵਿੱਚ ਫਲਸਤੀਨੀ ਕੈਦੀਆਂ ਦੇ ਬਦਲੇ ਵਿੱਚ ਛੇ ਹਫ਼ਤਿਆਂ ਦੀ ਜੰਗਬੰਦੀ ਦੇ ਹਿੱਸੇ ਵਜੋਂ ਰਿਹਾਅ ਕੀਤਾ ਗਿਆ ਹੈ।

## ਅਸਟਰੇਲੀਆ ਟਰੰਪ ਦੇ ਟੈਕਸਾਂ ਵਿੱਚ ਕਿਤੇ ਵਾਧੇ ਕਾਰਨ ਪਰੇਸ਼ਾਨ




ਸਿਡਨੀ, ਲੋਕ ਬਾਣੀ– ਆਸਟਰੇਲੀਆ ਨੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਸਟੀਲ, ਐਲੂਮੀਨੀਅਮ, ਲੋਹੇ, ਇਸਪਾਤ ਦੀਆਂ ਦਰਾਮਦਾਂ 'ਤੇ 25 ਫੀਸਦ ਟੈਕਸ ਲਗਾਉਣ ਉੱਤੇ ਇਤਰਾਜ਼ ਜਤਾਇਆ ਹੈ। ਪ੍ਰਧਾਨ ਮੰਤਰੀ ਐਂਥਨੀ ਅਲਬਨੀਜ਼ ਨੇ ਇਸ ਸਬੰਧੀ ਟਰੰਪ ਨਾਲ ਫੋਨ 'ਤੇ ਗੱਲ ਵੀ ਕੀਤੀ ਹੈ। ਗੱਲਬਾਤ ਦੇ ਵੇਰਵੇ ਅਜੇ ਪੂਰੀ ਤਰ੍ਹਾਂ ਬਾਹਰ ਨਹੀਂ ਆਏ ਹਨ।ਆਸਟਰੇਲੀਆ ਨੇ ਸਾਲ 2023 ਵਿਚ 378 ਮਿਲੀਅਨ ਡਾਲਰ ਦੀ ਸਟੀਲ ਤੇ ਲੋਹਾ ਅਮਰੀਕਾ ਨੂੰ ਬਰਾਮਦ ਕੀਤਾ ਹੈ। ਹੁਣ ਅਮਰੀਕਾ ਵੱਲੋਂ ਟੈਕਸ ਲਾਉਣ ਦੇ ਫ਼ੈਸਲੇ ਨੂੰ ਆਸਟਰੇਲੀਆ ਦੇ ਆਰਥਿਕ ਮਾਹਿਰਾਂ ਨੇ ਮੁਲਕ ਦੀ ਸਨਅਤ ਲਈ ਖ਼ਤਰੇ ਦੀ ਘੰਟੀ ਦੱਸਿਆ ਹੈ।

## ਸ਼ੇਅਰ ਬਾਜ਼ਾਰ 1000 ਅੰਕਾਂ ਨਾਲ ਹੇਠਾਂ ਡਿੱਗਿਆ



ਦਿੱਲੀ, ਲੋਕ ਬਾਣੀ–ਸ਼ੇਅਰ ਬਾਜ਼ਾਰ ਵਿਚ ਅੱਜ ਲਗਾਤਾਰ ਪੰਜਵੇਂ ਦਿਨ ਗਿਰਾਵਟ ਦਾ ਦੌਰ ਜਾਰੀ ਰਿਹਾ ਤੇ ਬੰਬੇ ਸਟਾਕ ਐਕਸਚੇਂਜ (BSE) ਦੇ Sensex ਨੂੰ 1000 ਤੋਂ ਵੱਧ ਅੰਕਾਂ ਦਾ ਗੋਤਾ ਲੱਗ ਗਿਆ। ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਵੱਲੋਂ ਲਗਾਤਾਰ ਪੂੰਜੀ ਅਪਨਿਵੇਸ਼ ਤੇ ਅਮਰੀਕਾ ਵੱਲੋਂ ਨਵੇਂ ਸਿਰੇ ਤੋਂ ਟੈਕਸ ਲਗਾਉਣ ਕਰਕੇ ਵਪਾਰਕ ਜੰਗ ਛਿੜਨ ਦੇ ਖ਼ਦਸ਼ਿਆਂ ਦਰਮਿਆਨ ਸ਼ੇਅਰ ਬਾਜ਼ਾਰ ਵਿਚ ਨਿਘਾਰ ਆਇਆ।

## ਜੰਮੂ ਕਸ਼ਮੀਰ ਵਿਚ ਬਾਰੂਦੀ ਸੁਰੰਗ ਵਿਚ ਹੋਇਆ ਧਮਾਕਾ



ਜੰਮੂ, ਲੋਕ ਬਾਣੀ– ਇਥੇ ਅਖਨੂਰ ਸੈਕਟਰ ਵਿਚ ਕੰਟਰੋਲ ਰੇਖਾ ਦੇ ਨਾਲ ਹੋਏ ਬਾਰੂਦੀ ਸੁਰੰਗ ਧਮਾਕੇ ਵਿਚ ਦੋ ਫੌਜੀ ਸ਼ਹੀਦ ਹੋ ਗਏ ਜਦੋਂਕਿ ਤੀਜੇ ਦੀ ਹਾਲਤ ਗੰਭੀਰ ਦੱਸੀ ਜਾਂਦੀ ਹੈ। White Knight Corps ਨੇ ਇਕ ਟਵੀਟ ਵਿਚ ਦੋ ਜਵਾਨਾਂ ਦੇ ਸ਼ਹੀਦ ਹੋਣ ਦੀ ਪੁਸ਼ਟੀ ਕੀਤੀ ਹੈ।ਅਧਿਕਾਰੀ ਨੇ ਕਿਹਾ ਕਿ ਸੁਰੱਖਿਆ ਬਲਾਂ ਦਾ ਦਸਤਾ ਗਸ਼ਤੀ ਡਿਊਟੀ 'ਤੇ ਸੀ ਜਦੋਂ ਉਹ Bhattal ਇਲਾਕੇ ਵਿਚ ਬਾਰੂਦੀ ਸੁਰੰਗ ਦੀ ਜ਼ੱਦ ਵਿਚ ਆ ਗਏ। ਮੰਨਿਆ ਜਾਂਦਾ ਹੈ ਕਿ ਇਹ ਬਾਰੂਦੀ ਸੁਰੰਗ ਮਸ਼ਕੂਕ ਦਹਿਸ਼ਤਗਰਦਾਂ ਵੱਲੋਂ ਵਿਛਾਈ ਗਈ ਸੀ। ਅਧਿਕਾਰੀ ਨੇ ਕਿਹਾ ਕਿ ਧਮਾਕੇ ਮਗਰੋਂ ਪੂਰੇ ਇਲਾਕੇ ਦੀ ਘੇਰਾਬੰਦੀ ਕਰ ਦਿੱਤੀ ਗਈ ਹੈ ।

## ਚੋਣ ਕਮਿਸ਼ਨ ਨੂੰ ਸੁਪਰੀਮ ਕੋਰਟ ਨੇ ਈਵੀਐਮਜ ਮਸ਼ੀਨ ਮਾਮਲੇ ਵਿੱਚ ਹੁਕਮ ਕੀਤਾ



ਨਵੀਂ ਦਿੱਲੀ, ਲੋਕ ਬਾਣੀ: ਸੁਪਰੀਮ ਕੋਰਟ ਨੇ ਆਪਣੇ ਹੀ ਇਕ ਫੈਸਲੇ ਦੀ ਪਾਲਣਾ ਕਰਦਿਆਂ ਇਲੈਕਟ੍ਰੌਨਿਕ ਵੋਟਿੰਗ ਮਸ਼ੀਨਾਂ ਦੀ ਬਰਨਟ (ਨਸ਼ਟ) ਮੈਮਰੀ ਤੇ ਸਿੰਬਲ (ਚੋਣ ਨਿਸ਼ਾਨ) ਲੋਡਿੰਗ ਯੂਨਿਟਾਂ ਦੀ ਤਸਦੀਕ ਦੀ ਮੰਗ ਕਰਦੀ ਪਟੀਸ਼ਨ 'ਤੇ ਭਾਰਤੀ ਚੋਣ ਕਮਿਸ਼ਨ (539) ਤੋਂ ਜਵਾਬ ਮੰਗਿਆ ਹੈ।ਚੀਫ਼ ਜਸਟਿਸ ਸੰਜੀਵ ਖੰਨਾ ਤੇ ਜਸਟਿਸ ਦੀਪਾਂਕਰ ਦੱਤਾ ਦੀ ਸ਼ਮੂਲੀਅਤ ਵਾਲੇ ਵਿਸ਼ੇਸ਼ ਬੈਂਚ ਨੇ ਚੋਣ ਕਮਿਸ਼ਨ ਨੂੰ ਤਸਦੀਕ ਦੇ ਅਮਲ ਦੌਰਾਨ ਈਵੀਐੱਮਜ਼ ਵਿਚਲਾ ਡੇਟਾ ਮਿਟਾਉਣ (ਨਸ਼ਟ ਕਰਨ) ਜਾਂ ਮੁੜ ਤੋਂ ਲੋਡ ਕਰਨ ਤੋਂ ਰੋਕ ਦਿੱਤਾ ਹੈ।

## ਇੰਜੀਨੀਅਰਿੰਗ ਦੀ ਪ੍ਰੀਖਿਆ ਚ 12 ਲੱਖ ਉਮੀਦਵਾਰਾਂ ਤੋਂ 14 ਨੇ ਪੂਰੇ ਨੰਬਰ ਲਏ



ਦਿੱਲੀ ਲੋਕ ਬਾਣੀ–ਇੰਜਨੀਅਰਿੰਗ ਦਾਖ਼ਲਾ ਪ੍ਰੀਖਿਆ JEE Main-20 25 ਦੇ ਪਹਿਲੇ ਐਡੀਸ਼ਨ ਵਿੱਚ 12 ਲੱਖ ਉਮੀਦਵਾਰਾਂ ਵਿਚੋਂ 14 ਵਿਦਿਆਰਥੀਆਂ ਨੇ 100 ਫੀਸਦ ਨੰਬਰਾਂ ਨਾਲ 'ਟੌਪ' ਕੀਤਾ ਹੈ। ਇਨ੍ਹਾਂ ਵਿੱਚੋਂ ਜ਼ਿਆਦਾਤਰ ਵਿਦਿਆਰਥੀ ਰਾਜਸਥਾਨ ਨਾਲ ਸਬੰਧਤ ਹਨ।

ਨੈਸ਼ਨਲ ਟੈਸਟਿੰਗ ਏਜੰਸੀ (NTA) ਵੱਲੋਂ ਅੱਜ ਐਲਾਨੇ ਨਤੀਜਿਆਂ ਵਿਚ ਸਿਖਰਲੇ 14 ਉਮੀਦਵਾਰਾਂ ਵਿੱਚੋਂ 12 ਜਨਰਲ ਵਰਗ, ਜਦੋਂਕਿ ਇੱਕ–ਇੱਕ ਕ੍ਰਮਵਾਰ OBC ਅਤੇ SC ਵਰਗ ਨਾਲ ਸਬੰਧਤ ਹਨ।

## ਪੰਚਾਇਤੀ ਚੋਣਾਂ ਲਈ ਜ਼ਰੂਰੀ ਦਸਤਾਵੇਜ਼ ਲੈਣ ਲਈ ਖਜਲ ਖੁਆਰ ਹੋ ਰਹੇ ਹਨ ਉਮੀਦਵਾਰ



ਫਿਰੋਜ਼ਪੁਰ, ਲੋਕ ਬਾਣੀ-ਮਮਦੋਟ ਬਲਾਕ ਦੇ ਪਿੰਡ ਲਖਮੀਰ ਕੇ ਉਤਾੜ ਦੀ 23 ਫਰਵਰੀ ਨੂੰ ਹੋਣ ਵਾਲੀ ਪੰਚਾਇਤੀ ਚੋਣ ਲਈ ਬਲਾਕ ਅਧਿਕਾਰੀਆਂ ਤੋਂ ਚੁੱਲ੍ਹਾ ਟੈਕਸ ਅਤੇ ਐਨ. ਓ. ਸੀ. ਲੈਣ ਲਈ ਚੋਣ ਲੜਨ ਦੇ ਚਾਹਵਾਨ ਉਮੀਦਵਾਰ ਖੱਜਲ-ਖੁਆਰ ਹੋ ਰਹੇ ਹਨ। ਇਸ ਸਬੰਧੀ ਬਲਾਕ ਦਫਤਰ ਮਮਦੋਟ ਵਿਖੇ ਪੁੱਜੇ ਉਮੀਦਵਾਰ ਅਮਰਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਚਮਕੌਰ ਸਿੰਘ ਟਿੱਬੀ ਅਤੇ ਰਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਉਕਤ ਚੋਣ ਲਈ ਚੋਣ ਕਮਿਸ਼ਨ ਵਲੋਂ 7 ਫਰਵਰੀ ਤੋਂ 13 ਫਰਵਰੀ ਤੱਕ ਨਾਮਜ਼ਦਗੀਆਂ ਦਾਖਲ ਕਰਨ ਦਾ ਸਮਾਂ ਦਿੱਤਾ ਗਿਆ ਹੈ। ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਚਮਕੌਰ ਸਿੰਘ ਟਿੱਬੀ ਨੇ ਸਰਕਾਰ ਉਤੇ ਦੋਸ਼ ਲਾਇਆ ਕਿ ਲੰਘੀਆਂ ਪੰਚਾਇਤੀ ਚੋਣਾਂ ਵਿਚ ਵੀ ਧੱਕਾ ਕਰਦਿਆਂ ਵਿਰੋਧੀ ਉਮੀਦਵਾਰਾਂ ਨੂੰ ਚੁੱਲ੍ਹਾ ਟੈਕਸ ਤੇ ਐਨ. ਓ. ਸੀ. ਸਰਟੀਫਿਕੇਟ ਨਹੀਂ ਦਿੱਤੇ ਗਏ ਸਨ

## ਪੰਜਾਬ ਵਿੱਚ ਹੁਣ ਧੋਖੇਬਾਜ਼ ਏਜੰਟਾਂ ਦੀ ਖੈਰ ਨਹੀਂ




ਜਲੰਧਰ, ਲੋਕ ਬਾਣੀ --ਸੂਬੇ ਦੇ ਭੋਲੇ-ਭਾਲੇ ਲੋਕਾਂ ਦਾ ਸ਼ੋਸ਼ਣ ਕਰਨ ਵਾਲੇ ਧੋਖੇਬਾਜ਼ ਇਮੀਗ੍ਰੇਸ਼ਨ ਸਲਾਹਕਾਰਾਂ 'ਤੇ ਨਕੇਲ ਕਸਦਿਆਂ ਪੰਜਾਬ ਪੁਲਸ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਐੱਸ.ਆਈ.ਟੀ.) ਨੇ ਇਸ ਖੇਤਰ ਵਿੱਚ ਚੱਲ ਰਹੇ ਬਹੁ-ਰਾਸ਼ਟਰੀ ਮਨੁੱਖੀ ਤਸਕਰੀ ਨੈੱਟਵਰਕ ਨੂੰ ਖ਼ਤਮ ਕਰਨ ਲਈ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਹੈ।

ਇਹ ਕਾਰਵਾਈ ਉਨ੍ਹਾਂ ਭਾਰਤੀ ਨਾਗਰਿਕਾਂ ਨਾਲ ਸਬੰਧਤ ਹੈ, ਜਿਨ੍ਹਾਂ ਨੂੰ ਸੰਯੁਕਤ ਰਾਜ ਅਮਰੀਕਾ ਤੋਂ ਡਿਪੋਰਟ ਕੀਤਾ ਗਿਆ ਸੀ ਅਤੇ ਅੰਮ੍ਰਿਤਸਰ ਪਹੁੰਚੇ ਸਨ। ਪੰਜਾਬ ਪੁਲਸ ਵੱਲੋਂ ਉਨ੍ਹਾਂ ਟ੍ਰੈਵਲ ਏਜੰਟਾਂ ਵਿਰੁੱਧ ਬਿਆਨ ਦਰਜ ਕੀਤੇ ਗਏ ਹਨ ਜਿਨ੍ਹਾਂ ਨੇ ਉਨ੍ਹਾਂ ਨਾਲ ਅਮਰੀਕਾ ਵਿੱਚ ਗੈਰ-ਕਾਨੂੰਨੀ ਦਾਖ਼ਲੇ ਦੇ ਝੂਠੇ ਵਾਅਦੇ ਕਰਕੇ ਧੋਖਾ ਕੀਤਾ ਹੈ।







ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਪੰਜਾਬ ਵਿੱਚ ਧੁੱਪ ਨਿਕਲਣ ਕਾਰਨ ਠੰਢ ਬੇਅਸਰ, ਤਾਪਮਾਨ ਆਮ ਨਾਲੋਂ 4 ਡਿਗਰੀ ਸੈਲਸੀਅਸ ਵੱਧ



(ਲੋਕ ਬਾਣੀ) ਪੰਜਾਬ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ 0.2 ਡਿਗਰੀ ਦਾ ਵਾਧਾ ਦਰਜ ਕੀਤਾ ਗਿਆ ਹੈ। ਹਾਲਾਂਕਿ ਸੂਬੇ ਚ ਇਸ ਸਮੇਂ ਤਾਪਮਾਨ ਆਮ ਨਾਲੋਂ 4 ਡਿਗਰੀ ਸੈਲਸੀਅਸ ਵੱਧ ਹੈ। ਪਟਿਆਲਾ ਵਿੱਚ ਵੱਧ ਤੋਂ ਵੱਧ ਤਾਪਮਾਨ 27.1 ਡਿਗਰੀ ਦਰਜ ਕੀਤਾ ਗਿਆ ਹੈ। ਮੌਸਮ ਵਿਗਿਆਨੀ ਇਸ ਨੂੰ ਕਾਫੀ ਉੱਚਾ ਮੰਨ ਰਹੇ ਹਨ। ਇਸ ਦੇ ਨਾਲ ਹੀ ਘੱਟੋ-ਘੱਟ ਤਾਪਮਾਨ ਆਮ ਵਾਂਗ ਹੈ, ਜਿਸ ਕਾਰਨ ਰਾਤ ਨੂੰ ਠੰਢ ਬਣੀ ਹੋਈ ਹੈ। ਮੌਸਮ ਵਿਗਿਆਨ ਕੇਂਦਰ ਮੁਤਾਬਕ ਪੱਛਮੀ ਗੜਬੜੀ ਸਰਗਰਮ ਹੈ। ਇਹ ਗੜਬੜ ਅਫਗਾਨਿਸਤਾਨ ਦੀ ਸਰਹੱਦ ਤੇ ਹੈ। ਇਸ ਕਾਰਨ ਮੈਦਾਨੀ ਇਲਾਕਿਆਂ ਤੇ ਇਸ ਦਾ ਅਸਰ ਨਹੀਂ ਪੈ ਰਿਹਾ ਹੈ। ਪਰ ਇਸ ਕਾਰਨ ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਪਹਾੜੀ ਇਲਾਕਿਆਂ ਚ ਮੀਂਹ ਅਤੇ ਬਰਫਬਾਰੀ ਦੀ ਸੰਭਾਵਨਾ ਹੈ।

ਮੌਸਮ ਵਿਭਾਗ ਮੁਤਾਬਕ ਆਉਣ ਵਾਲੇ 5 ਦਿਨਾਂ ਚ ਪੰਜਾਬ ਦੇ ਇਲਾਕਿਆਂ ਚ ਜ਼ਿਆਦਾ ਬਦਲਾਅ ਨਹੀਂ ਹੋਵੇਗਾ। ਇੱਕ ਅੰਦਾਜ਼ੇ ਅਨੁਸਾਰ ਪੰਜਾਬ ਦੇ ਮੈਦਾਨੀ ਇਲਾਕਿਆਂ ਵਿੱਚ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਹੈ ਅਤੇ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਹੈ।

ਉੱਤਰ ਪ੍ਰਦੇਸ਼ ਚ ਹੌਲੀ-ਹੌਲੀ ਸਰਦੀ ਘੱਟ ਰਹੀ ਹੈ ਪਰ ਮੌਸਮ ਵਿਭਾਗ ਮੁਤਾਬਕ ਅਗਲੇ ਦੋ ਦਿਨਾਂ ਤੱਕ ਮੌਸਮ ਖਰਾਬ ਰਹਿ ਸਕਦਾ ਹੈ। ਨਵੀਂ ਵੈਸਟਰਨ ਡਿਸਟਰਬੈਂਸ ਦੇ ਪ੍ਰਭਾਵ ਕਾਰਨ 10 ਤੋਂ 12 ਫਰਵਰੀ ਦਰਮਿਆਨ ਹਿਮਾਲੀਅਨ ਖੇਤਰਾਂ ਚ ਮੀਂਹ ਪੈਣ ਦੀ ਸੰਭਾਵਨਾ ਹੈ, ਜਿਸ ਕਾਰਨ ਮੈਦਾਨੀ ਇਲਾਕਿਆਂ ਚ ਵੀ ਮੌਸਮ ਚ ਬਦਲਾਅ ਹੋ ਸਕਦਾ ਹੈ। ਹਾਲ ਹੀ ਵਿੱਚ, ਪੱਛਮੀ ਗੜਬੜੀ ਦੇ ਕਾਰਨ, ਗਰਜ ਅਤੇ ਮੀਂਹ ਦੇਖੇ ਗਏ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਅਸਮਾਨ ਵਿੱਚ ਬੱਦਲਵਾਈ ਰਹਿਣ ਦੀ ਸੰਭਾਵਨਾ ਹੈ। ਫਿਲਹਾਲ ਕਾਨਪੁਰ ਅਤੇ ਆਸ-ਪਾਸ ਦੇ ਇਲਾਕਿਆਂ ਚ ਬੱਦਲਾਂ ਦੀ ਹਲਚਲ ਹੈ ਅਤੇ ਸਵੇਰੇ ਹਲਕੀ ਧੁੰਦ ਪੈ ਸਕਦੀ ਹੈ। ਮੌਸਮ ਵਿਭਾਗ ਨੇ 14 ਫਰਵਰੀ ਤੱਕ ਤੇਜ਼ ਹਵਾਵਾਂ ਦੇ ਨਾਲ ਮੀਂਹ ਦੀ ਚਿਤਾਵਨੀ ਜਾਰੀ ਕੀਤੀ ਹੈ।

# ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 78ਵੇਂ ਦਿਨ ਵਿੱਚ ਦਾਖ਼ਲ, ਅੱਜ ਹੋਵੇਗੀ ਕਿਸਾਨਾਂ ਦੀ ਪਹਿਲੀ ਮਹਾਪੰਚਾਇਤ



(ਲੋਕ ਬਾਣੀ) ਕਿਸਾਨ ਆਗੂ ਅਭਿਮਨਿਊ ਕੋਹਾੜ ਨੇ ਦੱਸਿਆ ਕਿ ਜਗਜੀਤ ਸਿੰਘ ਡੱਲੇਵਾਲ ਦੀ ਡਾਕਟਰੀ ਸਹਾਇਤਾ ਪਿਛਲੇ ਸੱਤ ਦਿਨਾਂ ਤੋਂ ਬੰਦ ਹੈ। ਇਸ ਦਾ ਕਾਰਨ ਇਹ ਸੀ ਕਿ ਜਦੋਂ ਵੀ ਉਨ੍ਹਾਂ ਨੂੰ ਡਰਿੱਪ ਲਗਾਈ ਜਾਂਦੀ ਸੀ ਨਾੜੀਆਂ ਲੱਭਣ ਵਿੱਚ ਦਿੱਕਤ ਆ ਰਹੀ ਸੀ। ਉਨ੍ਹਾਂ ਨੂੰ 20 ਤੋਂ 22 ਦਿਨਾਂ ਤੱਕ ਡਾਕਟਰੀ ਸਹਾਇਤਾ ਦਿੱਤੀ ਜਾ ਰਹੀ ਸੀ। ਇਸ ਦੇ ਨਾਲ ਹੀ ਉਸ ਦੇ ਦੋਵੇਂ ਹੱਥਾਂ ਦੀਆਂ ਨਸਾਂ ਬੰਦ ਹੋ ਗਈਆਂ। ਕੋਈ ਨਾੜੀ ਨਹੀਂ ਲੱਭ ਸਕੀ।

ਪੰਜਾਬ-ਹਰਿਆਣਾ ਦੇ ਸ਼ੰਭੂ ਅਤੇ ਖਨੌਰੀ ਸਰਹੱਦ ਤੇ ਪਿਛਲੇ ਸਾਲ 13 ਫਰਵਰੀ ਤੋਂ ਚੱਲ ਰਹੇ ਕਿਸਾਨ ਅੰਦੋਲਨ 2.0 ਨੂੰ ਇੱਕ ਸਾਲ ਦੀ ਮਿਆਦ ਪੂਰੀ ਹੋਣ ਵਾਲੀ ਹੈ। ਕਿਸਾਨ 14 ਫਰਵਰੀ ਨੂੰ ਚੰਡੀਗੜ੍ਹ ਵਿੱਚ ਕੇਂਦਰ ਸਰਕਾਰ ਨਾਲ ਹੋਣ ਵਾਲੀ ਮੀਟਿੰਗ ਤੋਂ ਪਹਿਲਾਂ ਮਹਾਪੰਚਾਇਤਾਂ ਕਰਨ ਜਾ ਰਹੀ ਹੈ। ਇਸ ਦੇ ਮੱਦੇਨਜ਼ਰ ਕਿਸਾਨ ਅੱਜ 11 ਫਰਵਰੀ ਤੋਂ ਤਿੰਨ ਮਹਾਂਪੰਚਾਇਤਾਂ ਦਾ ਆਯੋਜਨ ਕਰਨ ਜਾ ਰਹੇ ਹਨ।

ਪਹਿਲੀ ਮਹਾਪੰਚਾਇਤ ਰਤਨਪੁਰ ਬਾਰਡਰ ਤੇ ਹੋਵੇਗੀ। ਇਸ ਤੋਂ ਬਾਅਦ 12 ਫਰਵਰੀ ਨੂੰ ਖਨੌਰੀ ਅਤੇ 13 ਫਰਵਰੀ ਨੂੰ ਸ਼ੰਭੂ ਬਾਰਡਰ ਵਿਖੇ ਮਹਾਪੰਚਾਇਤ ਹੋਵੇਗੀ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 78ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ। ਉਸਨੇ 7 ਦਿਨਾਂ ਬਾਅਦ ਡਾਕਟਰੀ ਸਹਾਇਤਾ ਲੈਣੀ ਸ਼ੁਰੂ ਕਰ ਦਿੱਤੀ। ਕਿਸਾਨ ਅੱਜ 11:30 ਵਜੇ ਬਠਿੰਡਾ ਵਿੱਚ ਪ੍ਰੈਸ ਕਾਨਫਰੰਸ ਕਰਨਗੇ।

# ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਐਡਵੋਕੇਟ ਹਰਪ੍ਰੀਤ ਸੰਧੂ ਅਤੇ ਪੂਜਾ ਗੁਪਤਾ ਨੂੰ ਰਾਜ ਸੂਚਨਾ ਕਮਿਸ਼ਨਰ ਵਜੋਂ ਸਹੁੰ ਚੁਕਾਈ




ਚੰਡੀਗੜ੍ਹ, (ਲੋਕ ਬਾਣੀ): ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਇੱਥੇ ਪੰਜਾਬ ਰਾਜ ਭਵਨ ਵਿਖੇ ਐਡਵੋਕੇਟ ਹਰਪ੍ਰੀਤ ਸੰਧੂ ਅਤੇ ਸ੍ਰੀਮਤੀ ਪੂਜਾ ਗੁਪਤਾ ਨੂੰ ਪੰਜਾਬ ਰਾਜ ਸੂਚਨਾ ਅਧਿਕਾਰ ਕਮਿਸ਼ਨ ਦੇ ਰਾਜ ਸੂਚਨਾ ਕਮਿਸ਼ਨਰਾਂ ਵਜੋਂ ਸਹੁੰ ਚੁਕਾਈ।

ਇਸ ਸਹੁੰ ਚੁੱਕ ਸਮਾਗਮ ਦਾ ਸੰਚਾਲਨ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਨੇ ਕੀਤਾ। ਇਸ ਸਮਾਗਮ ਵਿੱਚ ਪੰਜਾਬ ਦੇ ਮੁੱਖ ਸੂਚਨਾ ਕਮਿਸ਼ਨਰ ਸ੍ਰੀ ਇੰਦਰਪਾਲ ਸਿੰਘ ਧੰਨਾ, ਰਾਜ ਸੂਚਨਾ ਕਮਿਸ਼ਨਰ ਡਾ. ਭੁਪਿੰਦਰ ਸਿੰਘ, ਸੰਦੀਪ ਸਿੰਘ ਧਾਲੀਵਾਲ, ਅਤੇ ਵਰਿੰਦਰਜੀਤ ਸਿੰਘ ਬਿਲਿੰਗ, ਵਧੀਕ ਮੁੱਖ ਸਕੱਤਰ (ਏ.ਸੀ.ਐਸ.) ਪ੍ਰਸ਼ਾਸਨਿਕ ਸੁਧਾਰ ਅਤੇ ਜਨਤਕ ਸ਼ਿਕਾਇਤਾਂ ਸ੍ਰੀ ਵਿਕਾਸ ਪ੍ਰਤਾਪ, ਵਧੀਕ ਮੁੱਖ ਸਕੱਤਰ (ਏ.ਸੀ.ਐਸ.) ਟ੍ਰਾਂਸਪੋਰਟ ਡੀ.ਕੇ. ਤਿਵਾੜੀ, ਰਾਜਪਾਲ ਦੇ ਪ੍ਰਮੁੱਖ ਸਕੱਤਰ ਸ੍ਰੀ ਵਿਵੇਕ ਪ੍ਰਤਾਪ ਸਿੰਘ, ਐਮ.ਡੀ. ਮਾਰਕਫੈੱਡ ਅਤੇ ਡਾਇਰੈਕਟਰ ਪ੍ਰਸ਼ਾਸਨਿਕ ਸੁਧਾਰ ਸ੍ਰੀ ਗਿਰੀਸ਼ ਦਿਆਲਨ, ਏ.ਡੀ.ਜੀ.ਪੀ. ਈਸ਼ਵਰ ਸਿੰਘ, ਉੱਘੇ ਭਾਰਤੀ ਖੇਤੀਬਾੜੀ ਅਰਥਸ਼ਾਸਤਰੀ ਸਰਦਾਰਾ ਸਿੰਘ ਜੌਹਲ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਸਤਬੀਰ ਸਿੰਘ ਗੋਸਲ ਅਤੇ ਹੋਰ ਸੀਨੀਅਰ ਅਧਿਕਾਰੀਆਂ ਨੇ ਸ਼ਿਰਕਤ ਕੀਤੀ।

ਐਡਵੋਕੇਟ ਹਰਪ੍ਰੀਤ ਸੰਧੂ ਇੱਕ ਉੱਘੇ ਵਕੀਲ ਹਨ। ਇਸ ਤੋਂ ਪਹਿਲਾਂ ਉਹ ਪੰਜਾਬ ਦੇ ਵਧੀਕ ਐਡਵੋਕੇਟ ਜਨਰਲ ਵਜੋਂ ਸੇਵਾ ਨਿਭਾ ਚੁੱਕੇ ਹਨ। ਉਹ ਪੰਜਾਬ ਇਨਫੋਟੈਕ ਦੇ ਸਾਬਕਾ ਚੇਅਰਮੈਨ ਵੀ ਰਹੇ ਹਨ ਅਤੇ ਉਨ੍ਹਾਂ ਨੇ ਕਾਨੂੰਨੀ ਅਧਿਐਨ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਪੂਜਾ ਗੁਪਤਾ ਇੱਕ ਪ੍ਰਸਿੱਧ ਸਮਾਜ ਸੇਵਿਕਾ ਅਤੇ ਸਿੱਖਿਆ ਸ਼ਾਸਤਰੀ ਹਨ। ਉਨ੍ਹਾਂ ਦੀ ਅਕਾਦਮਿਕ ਉੱਤਮਤਾ ਅਤੇ ਸਮਾਜਿਕ ਭਲਾਈ ਪ੍ਰਤੀ ਸਮਰਪਣ ਸਦਕਾ ਉਨ੍ਹਾਂ ਨੇ ਪੂਰੇ ਖੇਤਰ ਵਿੱਚ ਕਾਫ਼ੀ ਨਾਮਣਾ ਖੱਟਿਆ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ 27 ਜਨਵਰੀ, 2025 ਨੂੰ ਐਡਵੋਕੇਟ ਹਰਪ੍ਰੀਤ ਸੰਧੂ ਅਤੇ ਪੂਜਾ ਗੁਪਤਾ ਦੀ ਨਿਯੁਕਤੀ ਨੂੰ ਅਧਿਕਾਰਤ ਤੌਰ ਤੇ ਨੋਟੀਫਾਈ ਕੀਤਾ ਗਿਆ ਸੀ। ਉਨ੍ਹਾਂ ਦੀਆਂ ਨਿਯੁਕਤੀਆਂ ਰਾਜ ਸੂਚਨਾ ਅਧਿਕਾਰ ਕਮਿਸ਼ਨ ਦੇ ਕੰਮਕਾਜ ਵਿੱਚ ਹੋਰ ਪਾਰਦਰਸ਼ਤਾ ਲਿਆਉਣ ਅਤੇ ਇਸ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

# ਅਦਾਲਤ 'ਚ ਮਹਿਲਾ ਜੱਜ ਸਾਹਮਣੇ ਨਿਹੰਗ ਨੇ ਤਾਣ ਦਿੱਤੀ ਕਿਰਪਾਨ, ਮੌਕੇ ਤੇ ਮੌਜੂਦ ਸਟਾਫ਼ ਨੇ ਕੀਤਾ ਕਾਬੂ



ਚੰਡੀਗੜ੍ਹ-(ਲੋਕ ਬਾਣੀ) ਜ਼ਿਲ੍ਹਾ ਅਦਾਲਤ 'ਚ ਸੋਮਵਾਰ ਨੂੰ ਇਕ ਨਿਹੰਗ ਨੇ ਮਹਿਲਾ ਜੱਜ ਅੱਗੇ ਕਿਰਪਾਨ ਤਾਣ ਦਿੱਤੀ। ਮੌਕੇ 'ਤੇ ਮੌਜੂਦ ਸਟਾਫ ਨੇ ਉਸ ਨੂੰ ਕਾਬੂ ਕਰ ਲਿਆ ਤੇ ਪੁਲਿਸ ਦੇ ਹਵਾਲੇ ਕਰ ਦਿੱਤਾ। ਹਾਲਾਂਕਿ ਉਸ ਨੇ ਇਸ ਤਰ੍ਹਾਂ ਕਿਉਂ ਕੀਤਾ ? ਇਸ ਬਾਰੇ ਪਤਾ ਨਹੀਂ ਲੱਗ ਸਕਿਆ।

ਸੋਮਵਾਰ ਸਵੇਰੇ ਅਦਾਲਤ 'ਚ ਮਹਿਲਾ ਜੱਜ ਰੋਜ਼ਾਨਾ ਵਾਂਗ ਕੇਸਾਂ ਦੀ ਸੁਣਵਾਈ ਕਰ ਰਹੇ ਸਨ। ਇਸੇ ਦੌਰਾਨ 11 ਵਜੇ ਦੇ ਕਰੀਬ ਇਕ ਨਿਹੰਗ ਅਦਾਲਤ 'ਚ ਦਾਖ਼ਲ ਹੋਇਆ। ਉਸ ਨੇ ਗਲ 'ਚ ਪਾਈ ਕਿਰਪਾਨ ਕੱਢ ਕੇ ਲਲਕਾਰੇ ਮਾਰਨੇ ਸ਼ੁਰੂ ਕਰ ਦਿੱਤੇ। ਕਿਰਪਾਨ ਲਹਿਰਾਉਂਦਾ ਹੋਇਆ ਉਹ ਜੱਜ ਕੋਲ ਬੈਠੇ ਰੀਡਰ ਵੱਲ ਵੱਧਣ ਲੱਗਿਆ ਤਾਂ ਮੌਕੇ 'ਤੇ ਖੜੇ ਸਟਾਫ ਨੇ ਉਸ ਨੂੰ ਕਾਬੂ ਕਰ ਲਿਆ। ਮਹਿਲਾ ਜੱਜ ਤੁਰੰਤ ਕੁਰਸੀ ਤੋਂ ਉੱਠ ਗਏ ਤੇ ਸੁਣਵਾਈ ਦੀ ਤਰੀਕ ਅੱਗੇ ਪਾ ਦਿੱਤੀ ਗਈ।

ਸੂਚਨਾ ਮਿਲਣ 'ਤੇ ਥਾਣਾ ਲਾਹੌਰੀ ਗੇਟ ਪੁਲਿਸ ਮੌਕੇ 'ਤੇ ਪੁੱਜੀ ਤੇ ਨਿਹੰਗ ਨੂੰ ਗ੍ਰਿਫਤਾਰ ਕਰ ਲਿਆ। ਥਾਣਾ ਮੁਖੀ ਗਗਨਦੀਪ ਸਿੰਘ ਸਿੱਧੂ ਨੇ ਕਿਹਾ ਕਿ ਅਦਾਲਤੀ ਸਟਾਫ ਦੇ ਬਿਆਨ ਦੇ ਅਧਾਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਮੁਲਜ਼ਮ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਉਸ ਨੇ ਇਸ ਤਰ੍ਹਾਂ ਕਿਉਂ ਕੀਤਾ। ਓਧਰ ਘਟਨਾ ਤੋਂ ਤੁਰੰਤ ਬਾਅਦ ਜ਼ਿਲ੍ਹਾ ਸੈਸ਼ਨ ਜੱਜ ਨੇ ਸਮੂਹ ਜੱਜਾਂ ਨਾਲ ਅਦਾਲਤ 'ਚ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਮੀਟਿੰਗ ਸੱਦੀ।

# ਦੁਨੀਆਂ ਭਰ ' ਚ ਪਹਿਲੀ ਵਾਰ ' ਮੇਲਾ ਗੀਤਕਾਰਾਂ ਦਾ ' 22 ਫ਼ਰਵਰੀ ਨੂੰ ਪੰਜਾਬੀ ਭਵਨ ਲੁਧਿਆਣਾ ' ਚ



ਲੁਧਿਆਣਾ(ਲੋਕ ਬਾਣੀ) ਮੇਲਾ ਗੀਤਕਾਰਾਂ ਦਾ22 ਫ਼ਰਵਰੀ 2025 ਦਿਨ ਸ਼ਨੀਵਾਰ ਨੂੰ ਪੰਜਾਬੀ ਭਵਨ ਲੁਧਿਆਣਾ ਵਿਖ਼ੇ ਸਵੇਰ ਦੇ 11 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਕਰਵਾਇਆ ਜਾ ਰਿਹਾ ਹੈ! ਵਿਸ਼ਵ ਪੰਜਾਬੀ ਗੀਤਕਾਰ ਪਰਿਵਾਰ ਅਤੇ ਪੰਜਾਬੀ ਗੀਤਕਾਰ ਮੰਚ (ਰਜਿ:) ਲੁਧਿਆਣਾ ਵੱਲੋਂ ਪੰਜਾਬੀ ਸਾਹਿਤ ਅਕਾਦਮੀ, ਲੁਧਿਆਣਾ ਦੇ ਸਹਿਯੋਗ ਅਤੇ ਸਮੂਹ ਗੀਤਕਾਰਾਂ ਵੱਲੋਂ ਕੀਤੇ ਸਾਂਝੇ ਉਪਰਾਲੇ ਸਦਕਾ ਇਸ ਮੇਲੇ ਵਿੱਚ ਪੰਜਾਬ ਦੇ ਲੱਗਭਗ 1000 ਤੋਂ ਉੱਪਰ ਗੀਤਕਾਰਾਂ ਦੇ ਪੁੱਜਣ ਦੀ ਸੰਭਾਵਨਾ ਹੈ !ਗੀਤਕਾਰਾਂ ਦੇ ਇਸ ਮੇਲੇ ਵਿੱਚ ਪੰਜਾਬ ਦੇ ਨਾਮੀ ਗੀਤਕਾਰਾਂ ਤੋਂ ਇਲਾਵਾ ਨਵੇਂ ਗੀਤਕਾਰ ਅਤੇ ਓਹ ਗੀਤਕਾਰ ਜਿਹਨਾਂ ਦੇ ਗੀਤ ਤਾਂ ਵੱਡੇ ਵੱਡੇ ਕਲਾਕਾਰਾਂ ਦੀ ਆਵਾਜ਼ ਵਿੱਚ ਸੁਣੇ ਹਨ ਪਰ ਅਸੀਂ ਕਦੇ ਓਹਨਾਂ ਨੂੰ ਦੇਖਿਆ ਨਹੀਂ ਓਹ ਸਾਰੇ ਗੀਤਕਾਰ ਵੀ ਆਪਣੀ ਹਾਜ਼ਰੀ ਭਰਨਗੇ!

ਮੇਲੇ ਬਾਰੇ ਜਾਣਕਾਰੀ ਦੇਂਦਿਆਂ ਮੇਲੇ ਦੇ ਮੁੱਖ ਪ੍ਰਬੰਧਕ ਅਤੇ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀਵਾਲਾ ਨੇ ਦੱਸਿਆ ਕਿ ਮੇਲੇ ਦਾ ਮੁੱਖ ਮਕਸਦ ਸਾਡੇ ਗੀਤਕਾਰ ਵੀਰਾਂ ਨੂੰ ਇੰਡੀਅਨ ਪ੍ਰਫਾਰਮਿੰਗ ਰਾਈਟ ਸੋਸਾਇਟੀ ਸੰਸਥਾ ਨਾਲ ਜੋੜਕੇ ਓਹਨਾਂ ਨੂੰ ਓਹਨਾਂ ਦੇ ਗੀਤਾਂ ਦੀ ਉਮਰ ਭਰ ਰਾਇਲਟੀ ਦੁਆਉਣਾ , ਗੀਤਾਂ ਦੀ ਚੋਰੀ ਨੂੰ ਰੋਕਣਾਂ , 60 ਸਾਲ ਤੋਂ ਉੱਪਰ ਬਜ਼ੁਰਗ ਤੇ ਬੀਮਾਰ ਗੀਤਕਾਰਾਂ ਨੂੰ ਸਰਕਾਰ ਤੋਂ ਪੈਨਸ਼ਨ ਅਤੇ ਮੁਫ਼ਤ ਇਲਾਜ਼ ਦਾ ਪ੍ਰਬੰਧ ਕਰਵਾਉਣਾ ਹੈ !

ਭੱਟੀ ਭੜੀ ਵਾਲਾ ਨੇ ਦੱਸਿਆ ਕਿ ਇਹ ਮੇਲਾ ਸਮੂਹ ਗੀਤਕਾਰਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਮੇਲੇ ਦੀ ਪ੍ਰਬੰਧਕ ਟੀਮ ਵਿੱਚ ਸ਼੍ਰੀ ਜਸਵੰਤ ਸੰਦੀਲਾ, ਪਾਲੀ ਦੇਤਵਾਲੀਆ,ਸੇਵਾ ਸਿੰਘ ਨੌਰਥ, ਬਲਬੀਰ ਮਾਨ, ਭੱਟੀ ਭੜੀਵਾਲਾ,ਬਿੱਟੂ ਖੰਨੇ ਵਾਲਾ,ਬੂਟਾ ਭਾਈ ਰੂਪਾ, ਬੱਬੂ ਬਰਾੜ, ਨਿੰਮਾ ਲੁਹਾਰਕੇ, ਗੁਰਮਿੰਦਰ ਕੈਂਡੋਵਾਲ, ਅਜੀਤਪਾਲ ਜੀਤੀ ਅਤੇ ਭੰਗੂ ਫਲੇੜੇਵਾਲਾ ਦੇ ਨਾਮ ਜ਼ਿਕਾਰਯੋਗ ਹਨ ! ਮੇਲੇ ਦੇ ਸਰਪ੍ਰਸਤ ਸ.ਬਾਬੂ ਸਿੰਘ ਮਾਨ, ਸ਼੍ਰੀ ਗੁਰਭਜਨ ਸਿੰਘ ਗਿੱਲ, ਸ਼੍ਰੀ ਸ਼ਮਸ਼ੇਰ ਸਿੰਘ ਸੰਧੂ, ਸ਼੍ਰੀ ਜਰਨੈਲ ਘੁਮਾਣ ਅਤੇ ਸ. ਅਮਰੀਕ ਸਿੰਘ ਤਲਵੰਡੀ ਹਨ! ਮੇਲੇ ਦੇ ਮੁੱਖ ਪ੍ਰਬੰਧਕ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀਵਾਲਾ ਹਨ ਜਿਹਨਾਂ ਦੀ ਰਹਿਨੁਮਾਈ ਥੱਲੇ ਮੇਲੇ ਦੀ ਕੋਆਰਡੀਨੇਟਰ ਟੀਮ ਅਮਨ ਫੁੱਲਾਂਵਾਲ, ਗਿੱਲ ਦੁੱਗਰੀ,ਅਨੂਪ ਸਿੱਧੂ ਅਤੇ ਦਿਲਬਾਗ ਹੁੰਦਲ ਪੂਰੇ ਜ਼ੋਰ ਸ਼ੋਰ ਨਾਲ ਮੇਲੇ ਨੂੰ ਹਰ ਪੱਖੋਂ ਕਾਮਯਾਬ ਬਣਾਉਣ ਵਿੱਚ ਦਿਨ ਰਾਤ ਇੱਕ ਕਰ ਰਹੇ ਹਨ ! ਮੇਲੇ ਦੇ ਸਟੇਜ ਪ੍ਰਬੰਧਕਾਂ ਵਿੱਚ ਪ੍ਰੋ ਨਿਰਮਲ ਜੌੜਾ, ਬਿੱਟੂ ਖੰਨੇਵਾਲਾ, ਜਗਤਾਰ ਜੱਗੀ ਅਤੇ ਕਰਨੈਲ ਸਿਵੀਆਂ ਦੇ ਨਾਮ ਸ਼ਾਮਲ ਹਨ !

ਮੇਲੇ ਵਿੱਚ ਅਸ਼ੋਕ ਬਾਂਸਲ ਮਾਨਸਾ, ਸ਼ਮਸ਼ੇਰ ਸਿੰਘ ਸੰਧੂ, ਬਲਬੀਰ ਮਾਨ, ਜਰਨੈਲ ਘੁਮਾਣ ਅਤੇ ਗੁਰਭਜਨ ਸਿੰਘ ਗਿੱਲ ਪੰਜਾਬੀ ਗੀਤਕਾਰੀ ਵਿੱਚ ਆਏ ਨਿੱਘਾਰ ਅਤੇ ਅਜੋਕੀ ਗੀਤਕਾਰੀ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ! ਮੇਲੇ ਦੌਰਾਨ ਤਕਰੀਬਨ 2.30 ਵਜੇ ਤੋਂ ਪੰਜਾਬ ਦੇ ਸਿਰਕੱਢ ਗਾਇਕ ਗੀਤਕਾਰ ਪਾਲੀ ਦੇਤਵਾਲੀਆ, ਜਸਵੰਤ ਸੰਦੀਲਾ, ਦੇਬੀ ਮਖਸੂਸਪੁਰੀ, ਸਰਬਜੀਤ ਚੀਮਾ, ਹਾਕਮ ਬਖ਼ਤੜੀ ਵਾਲਾ, ਆਤਮਾ ਬੁੱਢੇਵਾਲੀਆ, ਬਲਬੀਰ ਬੋਪਾਰਾਏ, ਹਰਿੰਦਰ ਸੰਧੂ, ਵੀਤ ਬਲਜੀਤ, ਹੈਪੀ ਰਾਏਕੋਟੀ, ਬਿੱਟੂ ਖੰਨੇਵਾਲਾ, ਫ਼ਤਹਿ ਸ਼ੇਰਗਿੱਲ, ਬਿੰਦਰ ਨੱਥੂਮਾਜਰਾ,ਪ੍ਰੀਤ ਹਰਪਾਲ, ਕੁਲਦੀਪ ਕੰਡਿਆਰਾ, ਸ਼ਨੀ ਸ਼ਾਹ ਅਤੇ ਸ਼ੇਰ ਰਾਣਵਾਂ ਆਪਣੇ ਫ਼ਨ ਦਾ ਮੁਜ਼ਾਹਰਾ ਕਰਨਗੇ!

ਗੀਤਕਾਰਾਂ ਦੇ ਇਸ ਮੇਲੇ ਵਿੱਚ ਪੰਜਾਬ ਦੇ ਸਾਰੇ ਗਾਇਕਾਂ, ਸੰਗੀਤਕਾਰਾਂ, ਵੀਡੀਓ ਡਾਇਰੈਕਟਰਾਂ, ਕਵੀਆਂ, ਲੇਖਕਾਂ, ਸਾਹਿਤਕਾਰਾਂ, ਗ਼ਜ਼ਲਗੋਆਂ, ਕਹਾਣੀਕਾਰਾਂ, ਭੰਗੜੇ ਗਿੱਧੇ ਦੇ ਕਲਾਕਾਰਾਂ, ਪੱਤਰਕਾਰਾਂ, ਲੇਖਕਾਂ, ਸ਼ਾਇਰਾਂ, ਬੁੱਧੀਜੀਵੀਆਂ,ਮੀਡੀਆ ਤੇ ਪ੍ਰੈਸ ਨੂੰ ਖੁੱਲ੍ਹਾ ਸੱਦਾ ਹੈ! ਮੇਲੇ ਦੀ ਖਾਸ਼ੀਅਤ ਇਹ ਹੈ ਕਿ ਮੇਲੇ ਵਿੱਚ ਅਮਰੀਕਾ, ਕੈਨੇਡਾ, ਇੰਗਲੈਂਡ, ਆਸਟ੍ਰੇਲੀਆ ਅਤੇ ਯੂਰਪ ਤੋਂ ਵਿਸ਼ੇਸ਼ ਕਰਕੇ ਗੀਤਕਾਰ ਭਾਗ ਲੈ ਰਹੇ ਹਨ ! ਮੇਲੇ ਵਾਲੇ ਦਿਨ ਸਵੇਰ ਤੋਂ ਚਾਹ ਅਤੇ ਲੰਗਰ ਅਟੁੱਟ ਵਰਤੇਗਾ! ਮੇਲੇ ਦਾ ਲਾਈਵ ਪ੍ਰਸਾਰਣ ਅਮਨਦੀਪ ਸਿੰਘ ਫੁੱਲਾਂਵਾਲ ਵੱਲੋਂ ' ਸੋਚ ਪੰਜਾਬ ਦੀ ' ਅਤੇ ਹੋਰ ਚੈਨਲਾਂ ਤੇ ਕੀਤਾ ਜਾਵੇਗਾ !

# ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਬਣਾਈ ਗਈ 7 ਮੈਂਬਰੀ ਕਮੇਟੀ ਦੀ ਮੀਟਿੰਗ ਹੁਣ 13 ਫਰਵਰੀ ਨੂੰ ਸੱਦੀ



ਅੰਮ੍ਰਿਤਸਰ, (ਲੋਕ ਬਾਣੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਾਣਕਾਰੀ ਦਿੱਤੀ ਹੈ ਕਿ 7 ਮੈਂਬਰੀ ਕਮੇਟੀ ਦੀ ਅੱਜ ਹੋਣ ਵਾਲੀ ਇਕੱਤਰਤਾ ਹੁਣ 13 ਫਰਵਰੀ ਨੂੰ ਚੰਡੀਗੜ੍ਹ ਵਿਖੇ ਹੋਵੇਗੀ। ਉਹਨਾਂ ਦੱਸਿਆ ਹੈ ਕਿ ਇਹ ਇਕੱਤਰਤਾ 11 ਫਰਵਰੀ ਨੂੰ ਪਟਿਆਲਾ ਵਿਖੇ ਰੱਖੀ ਗਈ ਸੀ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਐਕਟਿੰਗ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਸੱਦਿਆ ਗਿਆ ਸੀ। ਪਰੰਤੂ ਭੂੰਦੜ ਦੇ ਸੁਖਬੀਰ ਸਿੰਘ ਬਾਦਲ ਦੀ ਬੇਟੀ ਦੇ ਵਿਆਹ ਸਮਾਗਮ ਵਿੱਚ ਸ਼ਾਮਿਲ ਹੋਣ ਦੇ ਰੁਝੇਵੇਂ ਕਾਰਨ ਇਕੱਤਰਤਾ ਦਾ ਸਮਾਂ ਤਬਦੀਲ ਕੀਤਾ ਗਿਆ ਹੈ। ਹੁਣ ਇਹ ਇਕੱਤਰਤਾ 13 ਫਰਵਰੀ ਨੂੰ ਚੰਡੀਗੜ੍ਹ ਸਥਿਤ ਸ਼੍ਰੋਮਣੀ ਕਮੇਟੀ ਦੇ ਉਪ ਦਫਤਰ ਵਿਖੇ ਹੋਵੇਗੀ।

# ਪੰਜਾਬ ਦੇ 1927 'ਚੋਂ 850 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ: ਲੈਕਚਰਾਰ ਯੂਨੀਅਨ



ਚੰਡੀਗੜ੍ਹ (ਲੋਕ ਬਾਣੀ)-ਪੰਜਾਬ ਵਿੱਚ 1927 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਨ ਜਿੰਨਾਂ ਵਿੱਚ ਲਗਭਗ 850 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ ਆਰਜੀ ਪ੍ਰਬੰਧ ਕਰਕੇ ਕੰਮ ਚਲਾਇਆ ਜਾ ਰਿਹਾ ਹੈ।ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਸਰਪ੍ਰਸਤ ਹਾਕਮ ਸਿੰਘ, ਸੀਨੀਅਰ ਸਲਾਹਕਾਰ ਸੁਖਦੇਵ ਸਿੰਘ ਰਾਣਾ ਅਤੇ ਸੂਬਾਈ ਆਗੂ ਸੰਜੀਵ ਕੁਮਾਰ, ਰਵਿੰਦਰਪਾਲ ਸਿੰਘ, ਬਲਰਾਜ ਬਾਜਵਾ ਅਤੇ ਜਗਤਾਰ ਸਿੰਘ ਸੈਦੋਕੇ ,ਗੁਰਪ੍ਰੀਤ ਸਿੰਘ ਬਠਿੰਡਾ ਨੇ ਸਾਂਝੇ ਬਿਆਨ ਵਿੱਚ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾਅਵੇ ਕਰ ਰਹੀ ਹੈ ਕਿ ਸਿੱਖਿਆ ਸੁਧਾਰ ਕਰਨ ਲਈ ਵਚਨਬੱਧ ਹੈ ਪਰ ਅਫਸੋਸ ਨਾਲ ਦੱਸਣਾ ਪੈਂਦਾ ਹੈ ਕਿ ਸਕੂਲ ਮੁਖੀਆ ਅਤੇ ਅਧਿਆਪਕਾਂ ਬਿੰਨਾ ਕਿਹੜਾ ਸੁਧਾਰ ਹੋ ਸਕਦਾ ਹੈ।

ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਰਣਬੀਰ ਸਿੰਘ ਸੋਹਲ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਪਦਉੱਨਤੀਆਂ ਸੀਨੀਆਰਤਾ ਅਨੁਸਾਰ ਹੁੰਦੀਆ ਹਨ। ਮਾਸਟਰ ਕਾਡਰ ਦੀਆਂ ਸੀਨੀਅਰ ਸੂਚੀਆਂ ਇਕੱਠੀ ਬਣਾਉਣ ਦੀ ਬਜਾਏ ਕਿਸ਼ਤਾਂ ਵਿੱਚ ਬਣਾਈ ਗਈ ਹੈ।ਇਕ ਸਾਂਝੀ ਸੀਨੀਆਰਤਾ ਸੂਚੀ ਜਾਰੀ ਕੀਤੀ ਜਾਵੇ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਸ ਵਲੋਂ ਪ੍ਰਮੋਸ਼ਨ ਸੈਂਲ ਬਣਾਉਣ ਦੇ ਬਾਵਜੂਦ ਪ੍ਰਮੋਸ਼ਨਾਂ ਨਹੀਂ ਹੋ ਰਹੀਆ। ਸੂਬਾ ਪ੍ਰਧਾਨ ਸੰਜੀਵ ਕੁਮਾਰ ਨੇ ਦੱਸਿਆ ਕਿ ਪ੍ਰਮੋਸ਼ਨਾਂ ਵਿੱਚ ਸਭ ਤੋਂ ਵੱਡੀ ਰੁਕਾਵਟ 2018 ਦੇ ਸਿਖਿਆ ਨਿਯਮ ਹਨ। ਸਕੂਲਾਂ ਵਿੱਚ ਸਕੂਲ ਮੁਖੀਆ ਦੀਆਂ ਆਸਾਮੀਆਂ ਭਰਨ ਲਈ ਤਰੱਕੀ ਰਾਹੀਂ ਪਦਉੱਨਤੀਆ ਦਾ ਕੋਟਾ 50% ਤੋਂ 100% ਕੀਤਾ ਜਾਵੇ।

ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਬਲਰਾਜ ਸਿੰਘ ਬਾਜਵਾ ਨੇ ਕਿਹਾ ਕਿ ਕੋ ਐਜੂਕੇਸ਼ਨ ਸਕੂਲਾਂ ਵਿੱਚ ਲੜਕੀਆ ਦੇ ਪਖਾਨਿਆਂ ਦੀ ਸਫਾਈ ਲਈ ਲੇਡੀ ਸਵੀਪਰਾਂ ਦੀ ਭਰਤੀ ਕੀਤੀ ਜਾਏ। ਖਾਲੀ ਲੈਕਚਰਾਰਾਂ ਦੀਆਂ ਅਸਾਮੀਆਂ ਸਿੱਧੀ ਅਤੇ ਪਦਉੱਨਤੀਆ ਨਾਲ ਪੂਰ ਕੀਤੀਆ ਜਾਣ।

ਸਕੂਲ ਮੁਖੀਆ ਦੀਆ ਆਸਾਮੀਆਂ ਨਿਯਮ ਅਨੁਸਾਰ ਪਹਿਲ ਦੇ ਆਧਾਰ ਤੇ ਪੂਰ ਕੀਤੀਆ ਜਾਣ। ਪਹਿਲਾਂ ਰਿਵਰਸ਼ਨ ਅਧੀਨ ਆਏ ਲੈਕਚਰਾਰਾ ਦੇ ਬੰਦ ਕੀਤੇ ਏ ਸੀ ਪੀ ਬਹਾਲ ਕੀਤੇ ਜਾਣ ਯੂਨੀਅਨ ਦੇ ਆਗੂ ਬਲਦੀਸ਼ ਸਿੰਘ ਅਤੇ ਜਸਪਾਲ ਸਿੰਘ ਨੇ ਦੱਸਿਆ ਕਿ ਮੁੱਖ ਦਫ਼ਤਰ ਵਿੱਚ ਡਿਪਟੀ ਡਾਇਰੈਕਟਰ ਦੀਆਂ ਆਸਾਮੀਆਂ ਜਿਲਾਂ ਸਿੱਖਿਆ ਅਫਸਰ ਵਿਚੋ ਸੀਨੀਅਰਜ਼ ਨੂੰ ਪ੍ਰਮੋਟ ਕਰ ਕੇ ਭਰੀਆਂ ਜਾਣ।

# ਬਠਿੰਡਾ ਦੇ 19 ਕਾਂਗਰਸੀ ਕੌਂਸਲਰਾਂ ਨੂੰ ਕਾਰਨ ਦੱਸੋ ਨੋਟਿਸ, ਮੇਅਰ ਚੋਣਾਂ ਚ 'ਆਪ' ਉਮੀਦਵਾਰ ਨੂੰ ਸਮਰਥਨ ਦੇਣ ਦਾ ਸ਼ੱਕ



ਚੰਡੀਗੜ੍ਹ-(ਲੋਕ ਬਾਣੀ) ਦਿੱਲੀ ਵਿਧਾਨ ਸਭਾ ਚੋਣਾਂ ਤੋਂ ਬਾਅਦ ਪੰਜਾਬ ਚ ਆਮ ਆਦਮੀ ਪਾਰਟੀ (ਆਪ) ਅਤੇ ਕਾਂਗਰਸ ਵਿਚਾਲੇ ਟਕਰਾਅ ਵਧ ਗਿਆ ਹੈ। ਦੋਵੇਂ ਪਾਰਟੀਆਂ ਦੇ ਆਗੂ ਲਗਾਤਾਰ ਇੱਕ ਦੂਜੇ ਤੇ ਦੋਸ਼ ਲਗਾ ਰਹੇ ਹਨ। ਇਸੇ ਦੌਰਾਨ ਪੰਜਾਬ ਕਾਂਗਰਸ ਦੀ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਤੇ ਸਾਬਕਾ ਮੰਤਰੀ ਅਵਤਾਰ ਹੈਨਰੀ ਨੇ ਬਠਿੰਡਾ ਦੇ 19 ਕਾਂਗਰਸੀ ਕੌਂਸਲਰਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਇਨ੍ਹਾਂ ਕੌਂਸਲਰਾਂ ਤੇ ਮੇਅਰ ਚੋਣਾਂ ਵਿੱਚ ਕਰਾਸ ਵੋਟਿੰਗ ਦਾ ਸ਼ੱਕ ਹੈ। ਉਨ੍ਹਾਂ ਨੂੰ ਤਿੰਨ ਦਿਨਾਂ ਅੰਦਰ ਜਵਾਬ ਦਾਖ਼ਲ ਕਰਨ ਲਈ ਕਿਹਾ ਗਿਆ ਹੈ।

ਪੰਜਾਬ ਕਾਂਗਰਸ ਅਨੁਸ਼ਾਸਨੀ ਕਮੇਟੀ ਨੇ ਕਿਹਾ ਹੈ ਕਿ ਜੇਕਰ ਸਾਰੇ ਕੌਂਸਲਰਾਂ ਨੇ ਤਿੰਨ ਦਿਨਾਂ ਵਿੱਚ ਜਵਾਬ ਨਾ ਦਿੱਤਾ ਤਾਂ ਉਨ੍ਹਾਂ ਸਾਰਿਆਂ ਖ਼ਿਲਾਫ਼ ਕਾਰਵਾਈ ਲਈ ਹਾਈਕਮਾਂਡ ਨੂੰ ਪੱਤਰ ਭੇਜਿਆ ਜਾਵੇਗਾ। ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਉਕਤ ਕੌਂਸਲਰਾਂ ਵੱਲੋਂ ਮੇਅਰ ਚੋਣਾਂ ਦੌਰਾਨ ਕਰਾਸ ਵੋਟਿੰਗ ਦਾ ਸ਼ੱਕ ਹੈ। ਕਿਉਂਕਿ ਬਠਿੰਡਾ ਵਿੱਚ ਆਮ ਆਦਮੀ ਪਾਰਟੀ ਸਿਰਫ਼ ਇੱਕ ਕੌਂਸਲਰ ਹੀ ਚੋਣ ਜਿੱਤ ਸਕੀ ਸੀ।

ਪੰਜਾਬ ਪ੍ਰਦੇਸ਼ ਕਾਂਗਰਸ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਤੇ ਸਾਬਕਾ ਕੈਬਨਿਟ ਮੰਤਰੀ ਅਵਤਾਰ ਹੈਨਰੀ ਨੇ ਸੂਬਾ ਕਾਂਗਰਸ ਦੇ ਜਨਰਲ ਸਕੱਤਰ ਸੰਦੀਪ ਸੰਧੂ ਦੀ ਸ਼ਿਕਾਇਤ ਤੇ ਇਹ ਕਾਰਵਾਈ ਕੀਤੀ ਹੈ। ਜਿਸ ਤੋਂ ਬਾਅਦ ਕੌਂਸਲਰ ਸੁਖਦੇਵ ਸਿੰਘ ਭੁੱਲਰ, ਕੌਂਸਲਰ ਸੋਨੀਆ, ਕੌਂਸਲਰ ਵਿਵੇਕ ਗਰਗ, ਕੌਂਸਲਰ ਮਨਜੀਤ ਕੌਰ, ਕੌਂਸਲਰ ਬਲਰਾਜ ਸਿੰਘ, ਕੌਂਸਲਰ ਵਿਕਰਮ ਕ੍ਰਾਂਤੀ, ਕੌਂਸਲਰ ਸੁਰੇਸ਼ ਕੁਮਾਰ, ਕੌਂਸਲਰ ਕਿਰਨ ਰਾਣੀ, ਕੌਂਸਲਰ ਸ਼ਾਮ ਲਾਲ ਗਰਗ, ਕੌਂਸਲਰ ਕਮਲਜੀਤ ਕੌਰ, ਕੌਂਸਲਰ ਉਮੇਸ਼ ਗਰਗ, ਕੌਂਸਲਰ ਨੇਹਾ, ਕੌਂਸਲਰ ਮਮਤਾ ਕੌਰ, ਕੌਂਸਲਰ ਮਮਤਾ ਕੌਰ, ਕੌਂਸਲਰ ਅਨੀਤਾ ਗੋਇਲ, ਕੌਂਸਲਰ ਰਾਜ ਰਾਣੀ, ਕੌਂਸਲਰ ਮਮਤਾ, ਕੌਂਸਲਰ ਕਮਲੇਸ਼ ਮਹਿਰਾ ਦੇ ਨਾਂ ਸ਼ਾਮਲ ਹਨ।

# ਗੋਵਿੰਦ ਨਗਰ ਚ ਅਪਰਾਧੀਆਂ ਖਿਲਾਫ ਟੀਮ ਇੰਸਪੈਕਟਰ ਪ੍ਰਦੀਪ ਸਿੰਘ ਦੀ ਸਖਤ ਮਿਹਨਤ ਸਫਲ, ਕਾਨਪੁਰ ਚ ਕਈ ਗ੍ਰਿਫਤਾਰ




ਕਾਨਪੁਰ ( ਸੁਨੀਲ ਬਾਜਪਾਈ)। ਇਧਰ, ਗੋਵਿੰਦ ਨਗਰ ਪੁਲਿਸ ਵੱਲੋਂ ਪੁਲਿਸ ਨੂੰ ਮਿਲੀ ਸੂਚਨਾ ਤੇ ਦੋਸ਼ੀਆਂ ਖਿਲਾਫ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰਨ ਦੇ ਨਾਲ-ਨਾਲ ਪੀੜਤਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਇਸੇ ਲੜੀ ਤਹਿਤ ਥਾਣਾ ਗੋਵਿੰਦ ਨਗਰ ਦੇ ਇੰਚਾਰਜ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਦੋਸ਼ੀਆ ਖਿਲਾਫ ਕਾਰਵਾਈ ਕਰਦੇ ਹੋਏ ਥਾਣਾ ਛਾਉਣੀ ਦੇ ਇੰਚਾਰਜ ਮਾਨਸਾ ਨੂੰ ਹਰ ਸੰਭਵ ਸਹਾਇਤਾ ਦਿੱਤੀ। ਡੀ ਨਗਰ ਚੌਕੀ ਇੰਚਾਰਜ ਸ਼ਿਵ. ਸਿੰਘ ਅਤੇ ਸਬ-ਇੰਸਪੈਕਟਰ ਸੂਰਜ ਕੁਮਾਰ ਨੇ ਨਾਬਾਲਗ ਬੱਚਿਆਂ ਨੂੰ ਵੇਚਣ ਅਤੇ ਉਨ੍ਹਾਂ ਤੋਂ ਕੰਮ ਕਰਵਾਉਣ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਅਤੇ ਸਾਰੇ ਮੁਲਜ਼ਮਾਂ ਨੂੰ ਕਾਬੂ ਕਰ ਲਿਆ, ਰੇਲ ਗੱਡੀ ਵਿੱਚ ਸਫਰ ਕਰਨ ਵਾਲੇ ਅਪਰਾਧੀ ਨੂੰ 150 ਕਿਲੋਮੀਟਰ ਤੱਕ ਕਾਰ ਵਿੱਚ ਭਜਾ ਕੇ ਅਦੁੱਤੀ ਹਿੰਮਤ ਨਾਲ ਕਾਬੂ ਕੀਤਾ, ਚੌਕੀ ਇੰਚਾਰਜ ਸ਼ਿਵਾ ਸਿੰਘ, ਸਬ ਇੰਸਪੈਕਟਰ ਰੇਲਵੇ ਕਲੋਨੀ ਸ਼ੁਗਮ ਸਿੰਘ ਅਤੇ ਭਾਜਪਾ ਆਗੂ ਅਨੁਕਮਜੀਤ ਸਿੰਘ ਨੂੰ ਕਾਬੂ ਕੀਤਾ ਨੰਦਲਾਲ ਚੌਰਾਹੇ ਦੇ ਨੇੜੇ ਬੀ. ਸਬ-ਇੰਸਪੈਕਟਰ ਸੁਦੇਸ਼ ਕੁਮਾਰ ਅਤੇ ਸਬ-ਇੰਸਪੈਕਟਰ ਯੂ.ਟੀ ਮਨੀਸ਼ ਸਿੰਘ ਆਦਿ ਦੀ ਟੀਮ ਵੱਲੋਂ ਹੁੱਕਾ ਬਾਰ ਸੰਚਾਲਕਾਂ ਪ੍ਰਿਯਾਂਸ਼ੂ ਦੂਬੇ ਅਤੇ ਮੋਹਨੀਸ ਪਾਂਡੇ ਉਰਫ ਜੀਤੂ ਵਿਰੁੱਧ ਕਾਰਵਾਈ ਕਰਨ ਤੋਂ ਇਲਾਵਾ 1 ਘੰਟੇ ਦੇ ਅੰਦਰ-ਅੰਦਰ 10 ਸਾਲ ਦੀ ਉਮਰ ਦੇ ਨਾਬਾਲਗ ਬੱਚੇ ਹਨੀ ਉਰਫ ਬੰਟਾ ਨੂੰ ਘਰੋਂ ਸੁਰੱਖਿਅਤ ਬਰਾਮਦ ਕਰ ਲਿਆ ਗਿਆ ਆਦਿ ਦੀ ਵੀ ਆਮ ਜਨਤਾ ਵੱਲੋਂ ਪੁਲਿਸ ਦੀ ਕਾਫੀ ਤਾਰੀਫ ਹੋ ਰਹੀ ਹੈ।

ਕੁਲ ਮਿਲਾ ਕੇ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਦੀ ਅਗਵਾਈ ਵਿੱਚ ਚੁਣੌਤੀਪੂਰਨ ਗੋਬਿੰਦ ਨਗਰ ਵਿੱਚ ਤਾਇਨਾਤ ਪੁਲੀਸ ਮੁਲਾਜ਼ਮਾਂ ਦੀ ਸਖ਼ਤ ਮਿਹਨਤ ਯੋਗੀ ਸਰਕਾਰ ਦੀ ਨੀਅਤ ਅਨੁਸਾਰ ਪੀੜਤਾਂ ਦੇ ਹੱਕ ਵਿੱਚ ਭੁਗਤਣ ਵਾਲੇ ਅਪਰਾਧੀਆਂ ਖ਼ਿਲਾਫ਼ ਕਾਰਵਾਈ ਕਰਨ ਵਿੱਚ ਸਫ਼ਲ ਰਹੀ ਹੈ। ਜਿੱਥੋਂ ਤੱਕ ਕਿਸੇ ਵੀ ਅਹੁਦੇ ਜਾਂ ਸਥਾਨ ਤੇ ਕਿਸੇ ਦੀ ਨਿਯੁਕਤੀ ਦਾ ਸਬੰਧ ਹੈ। ਇਸ ਦੇ ਅਧਿਆਤਮਿਕ ਪੱਖ ਅਨੁਸਾਰ, ਕਿਸੇ ਵੀ ਅਹੁਦੇ ਤੇ ਤਬਾਦਲੇ ਜਾਂ ਨਿਯੁਕਤੀ ਦੇ ਰੂਪ ਵਿਚ, ਤੁਹਾਡੇ ਕਦਮ ਧਰਤੀ ਤੇ ਅਜਿਹੇ ਸਥਾਨਾਂ ਤੇ ਵੀ ਡਿੱਗਦੇ ਹਨ ਜਿੱਥੇ ਤੁਸੀਂ ਜਨਮ ਤੋਂ ਬਾਅਦ ਪਹਿਲਾਂ ਕਦੇ ਨਹੀਂ ਗਏ ਅਤੇ ਤੁਸੀਂ ਉਨ੍ਹਾਂ ਲੋਕਾਂ ਨੂੰ ਵੀ ਮਿਲਦੇ ਹੋ ਜਿਨ੍ਹਾਂ ਨੂੰ ਤੁਸੀਂ ਪਹਿਲਾਂ ਕਦੇ ਨਹੀਂ ਮਿਲੇ ਹੋ.

ਖਾਸ ਗੱਲ ਇਹ ਹੈ ਕਿ ਕਿਸੇ ਵੀ ਪੀੜਤ ਦੀ ਸਮੱਸਿਆ ਨੂੰ ਹੱਲ ਕਰਨ ਨਾਲ ਸਬੰਧਤ ਵਿਅਕਤੀ ਲਈ ਆਸ਼ੀਰਵਾਦ ਵੀ ਪੈਦਾ ਹੁੰਦਾ ਹੈ, ਜਿਸ ਦਾ ਨਿਸ਼ਚਿਤ ਤੌਰ ਤੇ ਉਸ ਦੇ ਜੀਵਨ ਚ ਫਲ ਮਿਲਦਾ ਹੈ। ਇਹ ਇਸ ਲਈ ਹੈ ਕਿਉਂਕਿ ਕਿਸੇ ਦੇ ਪ੍ਰਤੀ ਅਸ਼ੀਰਵਾਦ ਅਤੇ ਸਰਾਪ ਦੇ ਰੂਪ ਵਿੱਚ ਬੋਲੇ ਗਏ ਸ਼ਬਦ ਕਦੇ ਵੀ ਨਸ਼ਟ ਨਹੀਂ ਹੁੰਦੇ ਹਨ। ....ਅਤੇ ਜੇ ਹੁੰਦਾ ਤਾਂ ਅਸੀਂ ਜਾਂ ਕੋਈ ਹੋਰ ਮੋਬਾਈਲ ਤੇ ਗੱਲ ਕਰਨ ਦੇ ਯੋਗ ਨਹੀਂ ਹੁੰਦਾ ਕਿਉਂਕਿ ਅਮਰ, ਅਮਰ, ਅਵਿਨਾਸ਼ੀ ਅੱਖਰਾਂ ਤੋਂ ਬਣੇ ਸ਼ਬਦ ਅਤੇ ਸ਼ਬਦਾਂ ਤੋਂ ਬਣੇ ਵਾਕ ਹੀ ਇਸ ਸੰਸਾਰ ਨੂੰ ਲਿਖਣ, ਪੜ੍ਹਨ ਅਤੇ ਬੋਲਣ ਦੇ ਰੂਪ ਵਿੱਚ ਰਾਜ ਕਰਦੇ ਹਨ। ਭਾਵ, ਜੇ ਕੁਝ ਲਿਖਿਆ, ਪੜ੍ਹਿਆ ਜਾਂ ਕਿਹਾ ਨਹੀਂ ਜਾਂਦਾ, ਤਾਂ ਇਹ ਸੰਸਾਰ ਕੰਮ ਨਹੀਂ ਕਰ ਸਕਦਾ।

ਇਸ ਦੇ ਨਾਲ-ਨਾਲ ਪੁਲਿਸ ਵਿਭਾਗ ਵਿੱਚ ਸੇਵਾ ਕਰਨ ਦੇ ਬਾਅਦ ਵੀ ਪੁਲਿਸ ਵਿਭਾਗ ਵਿੱਚ ਸੇਵਾ ਕਰ ਰਹੇ ਸਭ ਤੋਂ ਵੱਧ ਵਿਸ਼ਵ ਵਿਭਾਗ ਦੀ ਤੁਲਨਾ ਕੀਤੀ ਗਈ ਹੈ. ਇੱਥੇ, ਜਨਮ ਤੋਂ ਪਹਿਲਾਂ ਸ਼ਿਕਾਇਤ ਕਰਨ ਤੋਂ ਪਹਿਲਾਂ. ਜਾਂਚ ਅਤੇ ਵਿਸ਼ਲੇਸ਼ਣ ਦੇ ਰੂਪ ਵਿੱਚ ਇਹ ਪਤਾ ਲਗਾਉਣ ਦੀ ਨੀਅਤ ਨਾਲ ਕਿ ਇਹ ਕਤਲ ਕਿਸ ਦੀ ਕੁੱਖ ਵਿੱਚ ਹੋਇਆ ਬੱਚਾ ਅਤੇ ਮੌਤ ਤੋਂ ਬਾਅਦ ਵੀ? ਭਾਵ, ਪੁਲਿਸ ਤੋਂ ਇਲਾਵਾ ਦੁਨੀਆਂ ਦੇ ਕਿਸੇ ਹੋਰ ਵਿਭਾਗ ਜਾਂ ਇੱਥੋਂ ਤੱਕ ਕਿ ਇਸ ਦੇ ਉੱਚ ਅਹੁਦੇਦਾਰ ਦੀ ਜਨਮ ਤੋਂ ਪਹਿਲਾਂ ਤੋਂ ਮੌਤ ਤੱਕ ਇੰਨੀ ਵੱਡੀ ਭੂਮਿਕਾ ਨਹੀਂ ਹੈ।

ਇੰਨਾ ਹੀ ਨਹੀਂ, ਜਨਮ ਅਤੇ ਮੌਤ ਦੇ ਵਿਚਕਾਰ ਭਾਵ ਵਿਅਕਤੀ ਦੇ ਕਰਮਾਂ ਅਨੁਸਾਰ ਜੀਵਨ ਨੂੰ ਖੁਸ਼ੀ ਜਾਂ ਗ਼ਮੀ ਵਿੱਚ ਬਦਲਣ ਦੇ ਨਾਲ-ਨਾਲ ਯੋਗ ਵਿਅਕਤੀਆਂ ਦੀ ਜਾਨ ਬਚਾਉਣ ਦੇ ਨਾਲ-ਨਾਲ ਮੌਤ (ਮੁਕਾਬਲੇ) ਦੁਆਰਾ ਅਪਰਾਧ ਦੇ ਰੂਪ ਵਿੱਚ ਲੋਕ ਹਿੱਤਾਂ ਦੇ ਉਲਟ ਵਿਵਹਾਰ ਕਰਨ ਵਾਲੇ ਵਿਅਕਤੀ ਦੇ ਜੀਵਨ ਨੂੰ ਖਤਮ ਕਰਨ ਦੇ ਨਾਲ-ਨਾਲ ਉਸ ਕੋਲ ਯੋਗਤਾ, ਕਾਬਲੀਅਤ ਅਤੇ ਕਾਬਲੀਅਤ ਹੁੰਦੀ ਹੈ, ਜਿਸ ਨੂੰ ਪੁਲਿਸ ਦੇ ਰੂਪ ਵਿੱਚ ਕਿਹਾ ਜਾਂਦਾ ਹੈ।

# 17800 ਰੁਪਏ ਰਿਸ਼ਵਤ ਲੈਣ ਕਾਰਨ ਹੌਲਦਾਰ 'ਤੇ ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤਖ਼ੋਰੀ ਦਾ ਕੇਸ ਦਰਜ

ਚੰਡੀਗੜ੍ਹ ਲੁਧਿਆਣਾ ਫਰਵਰੀ(ਸੁਖਚੈਨ ਮਹਿਰਾ)

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚੱਲ ਰਹੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ ਜ਼ਿਲਾ ਲੁਧਿਆਣਾ ਦੀ ਪੁਲਿਸ ਚੌਂਕੀ ਕੰਗਣਵਾਲ ਵਿਖੇ ਤਾਇਨਾਤ ਹੌਲਦਾਰ ਰਣਜੀਤ ਸਿੰਘ ਵਿਰੁੱਧ ਵੱਖ-ਵੱਖ ਸਮਿਆਂ ਤੇ ਗੂਗਲ ਪੇਅ ਰਾਹੀਂ ਅਤੇ ਨਕਦ 17800 ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ।

ਅੱਜ ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਇਹ ਕੇਸ ਸਾਹਨੇਵਾਲ ਰੋਡ, ਲੁਧਿਆਣਾ ਦੇ ਨਿਊ ਸਤਿਗੁਰੂ ਨਗਰ ਦੇ ਵਸਨੀਕ ਇੰਦਰਾ ਪ੍ਰਸਾਦ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਾਇਰ ਕਰਵਾਈ ਆਨਲਾਈਨ ਸ਼ਿਕਾਇਤ ਦੀ ਜਾਂਚ ਉਪਰੰਤ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਦਾ ਦੁਕਾਨ ਵੇਚਣ ਨੂੰ ਲੈ ਕੇ ਕਿਸੇ ਨਾਲ ਝਗੜਾ ਚੱਲ ਰਿਹਾ ਸੀ ਅਤੇ ਮੁੱਖ ਮੁਨਸ਼ੀ ਰਾਮ ਮੂਰਤੀ ਨੇ ਉਸਨੂੰ ਪੁਲਿਸ ਚੌਕੀ ਬੁਲਾਇਆ ਸੀ, ਪਰ ਉਸ ਮੌਕੇ ਹੌਲਦਾਰ ਰਣਜੀਤ ਸਿੰਘ ਨੇ ਉਸਨੂੰ ਹਵਾਲਾਤ ਵਿੱਚ ਬੰਦ ਕਰ ਦਿੱਤਾ।

ਸ਼ਿਕਾਇਤ ਅਨੁਸਾਰ ਉਕਤ ਮੁਲਜ਼ਮ ਹੌਲਦਾਰ ਨੇ ਉਸਦੀ ਜੇਬ ਚੋਂ 800 ਰੁਪਏ ਮੌਕੇ ਤੇ ਹੀ ਕੱਢ ਲਏ ਤੇ ਉਸਨੂੰ ਛੱਡ ਦਿੱਤਾ। ਬਾਅਦ ਵਿੱਚ, ਉਕਤ ਮੁਲਜ਼ਮ ਨੇ ਸ਼ਿਕਾਇਤਕਰਤਾ ਤੋਂ ਗੂਗਲ ਪੇਅ ਰਾਹੀਂ 10,000 ਰੁਪਏ ਅਤੇ 7000 ਰੁਪਏ ਨਕਦੀ ਦੇ ਰੂਪ ਵਿੱਚ ਰਿਸ਼ਵਤ ਲਈ।

ਬੁਲਾਰੇ ਨੇ ਅੱਗੇ ਕਿਹਾ ਸ਼ਿਕਾਇਤ ਦੀ ਪੜਤਾਲ ਤੇ ਦੌਰਾਨ ਸ਼ਿਕਾਇਤਕਰਤਾ ਦੁਆਰਾ ਲਗਾਏ ਗਏ ਦੋਸ਼ ਸਹੀ-ਵ-ਦਰੁਸਤ ਪਾਏ ਗਏ ਅਤੇ ਪ੍ਰਾਪਤ ਹੋਏ ਮੌਖਿਕ, ਆਡੀਓ ਅਤੇ ਦਸਤਾਵੇਜੀ ਸਬੂਤਾਂ ਤੋਂ ਵੀ ਉਕਤ ਦੋਸ਼ਾਂ ਦੀ ਪੁਸ਼ਟੀ ਹੋਈ ਹੈ। ਇਸ ਤੋਂ ਬਾਅਦ, ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਪੁਲਿਸ ਥਾਣਾ ਲੁਧਿਆਣਾ ਰੇਂਜ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ। ਇਸ ਕੇਸ ਦੀ ਅਗਲੇਰੀ ਜਾਂਚ ਦੌਰਾਨ ਸਹਾਇਕ ਸਬ-ਇੰਸਪੈਕਟਰ ਮੇਵਾ ਸਿੰਘ, ਸਹਾਇਕ ਸਬ-ਇੰਸਪੈਕਟਰ ਰਾਮ ਮੂਰਤੀ ਅਤੇ ਸਬੰਧਤ ਐਸ.ਐਚ.ਓ. ਦੀ ਭੂਮਿਕਾ ਵੀ ਪੜਤਾਲੀ ਜਾਵੇਗੀ।

# ਸਤਿਗੁਰੂ ਰਵਿਦਾਸ ਜੀ ਦੇ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ

ਲੁਧਿਆਣਾ( ਸੁਖਚੈਨ ਮਹਿਰਾ)ਗੁਰਦੁਆਰਾ ਸ਼੍ਰੀ ਗੁਰੂ ਰਵੀਦਾਸ ਜੀ, ਪਿੰਡ ਤਾਜਪੁਰ ਵਿਖੇ, ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 783ਵਾ ਮਹਾਨ ਖ਼ੂਨਦਾਨ ਕੈਂਪ ਸਮੂਹ ਨਗਰ ਨਿਵਾਸੀਆਂ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਜੱਥੇਦਾਰ ਜਗਜੀਤ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕਰਦਿਆਂ ਕਿਹਾ ਕਿ ਕ੍ਰਾਂਤੀਕਰੀ ਸਮਾਜ ਸੁਧਾਰਕ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮਾਜਿਕ ਕੁਰੀਤੀਆਂ ਦਾ ਖੰਡਣ ਕਰਕੇ ਜਾਤ-ਪਾਤ ਤੋਂ ਉਪਰ ਉਠ ਕੇ ਸਮੁੱਚੀ ਮਾਨਵਤਾ ਨੂੰ ਸਰਬਸਾਂਝੀਵਾਲਤਾ ਦਾ ਉਪਦੇਸ਼ ਦਿੱਤਾ। ਅਤੇ ਸ਼੍ਰੀ ਗੁਰੂ ਰਵਿਦਾਸ ਜੀ ਦੇ ਦਸੇ ਮਾਰਗ ਦਰਸ਼ਨ ਤੇ ਚੱਲਦਿਆਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਮਨੁੱਖਤਾ ਦੇ ਭਲੇ ਲਈ ਲਗਾਏ ਗਏ ਮਹਾਨ ਖ਼ੂਨਦਾਨ ਕੈਂਪ ਦੀ ਸ਼ਲਾਘਾ ਕੀਤੀ।ਅਤੇ ਜਥੇਦਾਰ ਤਲਵੰਡੀ ਨੇ ਕਿਹਾ ਕਿ ਖ਼ੂਨਦਾਨ ਕੈਂਪ ਲਗਾਉਣ ਨਾਲ ਸਮਾਜ ਦੇ ਵਿੱਚ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ ਅਤੇ ਦੁਸ਼ਮਣੀ ਖਤਮ ਹੁੰਦੀ ਹੈ ਸੰਸਾਰ ਵਿੱਚ ਖ਼ੂਨਦਾਨ ਸਭ ਤੋਂ ਵੱਡਾ ਪੁੰਨ ਦਾ ਮਹਾ-ਦਾਨ ਹੈ ਇਸ ਮੌਕੇ ਤੇ ਜੱਥੇਦਾਰ ਜਗਜੀਤ ਸਿੰਘ ਤਲਵੰਡੀ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਨੇ ਖ਼ੂਨਦਾਨੀਆਂ ਨੂੰ ਸਰਟੀਫ਼ਿਕੇਟ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਭਾਈ ਘੱਨਈਆ ਜੀ ਸੁਸਾਇਟੀ ਦੇ ਸੇਵਾਦਾਰ ਹਰਪ੍ਰੀਤ ਸਿੰਘ ਹੈਪੀ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਦੌਰਾਨ 50 ਬਲੱਡ ਯੂਨਿਟ ਗੁਰੂ ਨਾਨਕ ਹਸਤਪਾਲ ਦੀ ਟੀਮ ਦੇ ਨਿੱਘੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਸਰਪੰਚ ਬਲਜੀਤ ਸਿੰਘ, ਅਮਰਜੀਤ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ,





ਬਲਦੇਵ ਸਿੰਘ ਸੰਧੂ, ਗ੍ਰਾਮ ਪੰਚਾਇਤ, ਗੁਰਦੂਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ, ਨਗਰ ਨਿਵਾਸੀਆਂ ਅਤੇ ਪਤਵੰਤੇ ਸਜਣ ਹਾਜ਼ਰ ਸਨ

# ਭਾਰਤੀ ਕਿਸਾਨ ਯੂਨੀਅਨ (ਦੋਆਬਾ) ਨੇ ਸ਼ੁਗਰ ਮਿਲ ਚੌਕ 'ਚ ਲਗਾਇਆ ਫਲ ਤੇ ਮਿਨਰਲ ਵਾਟਰ ਦਾ ਲੰਗਰ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੋਮਣੀ ਸ਼੍ਰੀ ਗੁਰੂ ਰਵਿਦਾਸ ਮੰਦਰ ਪਿੰਡ ਚੱਕ ਹਕੀਮ ਫਗਵਾੜਾ ਦੀ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਜਾਈ ਗਈ ਵਿਸ਼ਾਲ ਸ਼ੋਭਾ ਯਾਤਰਾ ਦਾ ਸ਼ੁਗਰ ਮਿਲ ਚੌਕ ਜੀਟੀ ਰੋਡ ਫਗਵਾੜਾ ਪੁੱਜਣ ਤੇ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਸਰਕਲ ਫਗਵਾੜਾ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਂਟ ਕੀਤੇ ਗਏ। ਯੂਨੀਅਨ ਵਲੋਂ ਸ਼ੋਭਾ ਯਾਤਰਾ ਵਿਚ ਸ਼ਾਮਲ ਸੰਗਤਾਂ ਲਈ ਫਲ ਅਤੇ ਮਿਨਰਲ ਵਾਟਰ ਦਾ ਲੰਗਰ ਲਗਾਇਆ ਗਿਆ। ਜਿਸ ਦੀ ਅਰੰਭਤਾ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਵਲੋਂ ਕਰਵਾਈ ਗਈ। ਐਸ.ਪੀ. ਭੱਟੀ ਨੇ ਸਮੂਹ ਸੰਗਤ ਨੂੰ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਗੁਰੂ ਮਹਾਰਾਜ ਨੇ ਆਪਸੀ ਭਾਈਚਾਰੇ ਨਾਲ ਰਹਿਣ ਦਾ ਜੋ ਉਪਦੇਸ਼ ਦਿੱਤਾ ਹੈ, ਸਾਨੂੰ ਉਸ ਤੇ ਅਮਲ ਕਰਨਾ ਚਾਹੀਦਾ ਹੈ। ਉਹਨਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਫਗਵਾੜਾ ਦੀ ਅਮਨ ਸ਼ਾਂਤੀ ਵਿਚ ਪੁਲਿਸ ਦਾ ਸਹਿਯੋਗ ਕਰਨ ਦੀ ਵੀ ਅਪੀਲ ਕੀਤੀ। ਸੀਨੀਅਰ ਕਿਸਾਨ ਆਗੂ ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ ਅਤੇ ਗੁਰਪਾਲ ਸਿੰਘ ਪਾਲਾ ਪ੍ਰੈਸ ਸਕੱਤਰ ਨੇ ਵੀ ਸਮੂਹ ਸੰਗਤ ਨੂੰ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ। ਉਹਨਾਂ ਕਿਹਾ ਕਿ ਅਗਲੇ ਸਾਲ ਗੰਨੇ ਦੇ ਰਸ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਮੇਅਰ ਰਾਮਪਾਲ ਉੱਪਲ, ਆਪ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਜੀ ਮਾਨ, ਐਨ.ਆਰ.ਆਈ. ਬੇਬੀ ਇਟਲੀ ਅਤੇ ਅਮਰਜੀਤ ਸਿੰਘ ਯੂ.ਐਸ.ਏ. ਤੋਂ ਇਲਾਵਾ ਬਲਵਿੰਦਰ ਸਿੰਘ, ਕੁਲਦੀਪ ਸਿੰਘ, ਨਰਿੰਦਰ ਸਿੰਘ ਗੋਲਡੀ ਸਮੇਤ ਅਠੌਲੀ, ਮਾਨਾਂਵਾਲੀ ਤੇ ਜਗਤਪੁਰ ਜੱਟਾਂ ਦੀਆਂ ਸੰਗਤਾਂ ਹਾਜਰ ਸਨ।

# ਜਿਲ੍ਹਾ ਪ੍ਰਸ਼ਾਸਨ ਨੇ ਵੱਖ-ਵੱਖ ਆਈਲੈਟਸ ਸੈਂਟਰ ਅਤੇ ਕੰਸਲਟੈਂਸੀ ਚਲਾਉਣ ਵਾਲਿਆਂ ਦੇ ਲਾਇਸੰਸ ਕੀਤੇ ਰੱਦ



ਫ਼ਗਵਾੜਾ (ਸੁਸ਼ੀਲ ਸ਼ਰਮਾ) ਵਧੀਕ ਜਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਜੋਤੀ ਬਾਲਾ ਨੇ ਪੰਜਾਬ ਸਰਕਾਰ ਵਲੋਂ ਲਾਗੂ ਕੀਤੇ ਗਏ ਹਿਊਮਨ ਸਮਗਲਿੰਗ ਐਕਟ 2012 ਅਤੇ ਪੰਜਾਬ ਟ੍ਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਵੱਖ-ਵੱਖ ਲਾਇਸੰਸੀ ਹੋਲਡਰਾਂ ਦੇ ਕੋਚਿੰਗ ਇੰਸਟੀਚਿਊਟਸ ਆਫ ਆਈਲੈਟਸ ਅਤੇ ਕੰਸਲਟੈਂਸੀ ਚਲਾਉਣ ਵਾਲਿਆਂ ਦੇ ਲਾਇਸੰਸ ਰੱਦ ਕੀਤੇ ਹਨ।

ਵਧੀਕ ਜਿਲ੍ਹਾ ਮੈਜਿਸਟਰੇਟ ਨੇ ਦੱਸਿਆ ਹੈ ਕਿ ਇਨ੍ਹਾਂ ਏਜੰਸੀਆਂ ਵਲੋਂ ਇਸ ਦਫ਼ਤਰ ਨੂੰ ਲਾਇਸੰਸ ਰੀਨਿਊ ਕਰਵਾਉਣ ਸਬੰਧੀ ਕੋਈ ਪ੍ਰਤੀ ਬੇਨਤੀ ਕੀਤੀ ਹੈ ਕਿ ਉਨਾਂ ਨੇ ਆਪਣਾ ਇਮੀਗਰੇਸ਼ਨ ਦਾ ਦਫ਼ਤਰ ਬੰਦ ਕਰ ਦਿੱਤਾ ਹੈ ਅਤੇ ਕੁਝ ਏਜੰਸੀਆਂ ਵਲੋਂ ਆਪਣਾ ਲਾਇਸੰਸ ਰੀਨਿਊ ਕਰਵਾਉਣ ਦੀਆਂ ਇੱਛੁਕ ਨਹੀਂ ਹਨ ਬਾਰੇ ਪ੍ਰਤੀ ਬੇਨਤੀ ਦਿੱਤੀ ਹੈ,ਜਿਸ ਦੇ ਆਧਾਰ ਤੇ ਇਨਾਂ ਦਾ ਲਾਇਸੰਸ ਰੱਦ ਕੀਤੇ ਗਏ ਹਨ।

ਵਧੀਕ ਜਿਲ੍ਹਾ ਮੈਜਿਸਟਰੇਟ ਜੋਤੀ ਬਾਲਾ ਨੇ ਪੰਜਾਬ ਪੰਜਾਬ ਟ੍ਰੈਵਲ ਪ੍ਰੋਫੈਸ਼ਨਲ ਐਕਟ ਰੈਗੂਲੇਸ਼ਨ ਐਕਟ 2012 ਦੀ ਧਾਰਾ 6(1) (ਈ) ਦੇ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਯੂਨੀਕ ਐਜੂਕੇਸ਼ਨ ਐਂਡ ਇਮੀਗਰੇਸ਼ਨ,ਬੀ.ਬਲਾਕ ਰਣਜੀਤ ਐਵੀਨਿਊ; ਮੈਸਰਜ ਐਚ.ਆਈ.ਟੀ.ਐਜੂਕੇਸ਼ਨ ਐਂਡ ਕੰਸਲਟੈਂਸੀ ਸੈਂਟਰ ਜੀ.ਟੀ.ਰੋਡ ਦਬੁਰਜੀ;ਮੈਸਰਜ ਏ.ਜੇ.ਆਰ. ਗੋਲਬਲ 35 ਸਰਕੂਲਰ ਰੋਡ, ਸਾਹਮਣੇ ਮੈਡੀਕਲ ਕਾਲਜ ਅੰਮ੍ਰਿਤਸਰ; ਮੈਸਰਜ ਐਕਸਪਰਟਸ ਇਮੀਗਰੇਸ਼ਨ ਐਂਡ ਐਜੂਕੇਸ਼ਨ,ਨਜ਼ਦੀਕ ਐਚ.ਡੀ.ਐਫ.ਸੀ.ਬੈਂਕ ਜੀ.ਟੀ.ਰੋਡ ਬਿਆਸ;ਮੈਸਰਜ ਗੋਲਡਨ ਸਟਡੀਜ਼,ਗਲੀ ਪੰਜਾਬ ਐਂਡ ਸਿੰਧ ਬੈਂਕ,ਰਈਆ;ਪਰਥ ਪੀ.ਟੀ.ਈ.ਐਂਡ ਆਈਲੈਟਸ ਟਰੇਨਿੰਗ ਸੈਂਟਰ, ਐਸ.ਸੀ.ਐਫ.23 ਕਬੀਰ ਪਾਰਕ ਸਾਹਮਣੇ ਯੂਨੀਵਰਸਿਟੀ;ਮੈਸਰਜ ਆਰਕਵੇਅ ਕੰਸਲਟੈਂਸੀ , ਸੀ ਬਲਾਕ ਰਣਜੀਤ ਐਵੀਨਿਊ ਅਤੇ ਐਕਸਪਰਟ ਐਜੂਕੇਸ਼ਨ ਕੰਸਲਟੈਂਸੀ, ਸਾਹਮਣੇ ਖਾਲਸਾ ਕਾਲਜ ਅੰਮ੍ਰਿਤਸਰ ਦੇ ਲਾਇਸੰਸ ਤੁਰੰਤ ਪ੍ਰਭਾਵ ਨਾਲ ਰੱਦ ਕੀਤੇ ਹਨ । ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਜੇਕਰ ਕੋਈ ਐਕਟ /ਰੂਲਜ਼ ਮੁਤਾਬਿਕ ਕਿਸੇ ਵੀ ਕਿਸਮ ਦੀ ਉਕਤ ਲਾਇਸੰਸੀ ਜਾਂ ਉਸਦੀ ਫਰਮ ਵਿਰੁੱਧ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਉਕਤ ਲਾਇਸੰਸ ਹੋਲਡਰ/ਫਰਮ ਦੀ ਮਾਲਕ / ਪ੍ਰੋਪਰਾਈਟਰ ਹਰ ਪੱਖੋਂ ਜਿੰਮੇਵਾਰੀ ਹੋਵੇਗੀ ਅਤੇ ਇਸਦੀ ਭਰਪਾਈ ਵੀ ਉਕਤ ਲਇਸੰਸੀ ਵਲੋਂ ਕੀਤੀ ਜਾਵੇਗੀ।

# ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਨੂੰ ਭਾਈਚਾਰਕ ਏਕਤਾ ਤੇ ਸਾਂਝੀਵਾਲਤਾ ਦਾ ਦਿੱਤਾ ਉਪਦੇਸ਼



ਫਗਵਾੜਾ (ਸੁਸ਼ੀਲ ਸ਼ਰਮਾ) ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਪ੍ਰਕਾਸ਼ ਪੁਰਬ ਦੀ ਸਮੂਹ ਇਲਾਕਾ ਨਿਵਾਸੀਆਂ ਨੂੰ ਵਧਾਈਆਂ ਦਿੰਦਿਆ ਐਡਵੋਕੇਟ ਕੁਲਦੀਪ ਭੱਟੀ, ਅੰਬੇਡਕਰ ਸੈਨਾ ਪੰਜਾਬ ਦੇ ਚੇਅਰਮੈਨ ਰਜਿੰਦਰ ਘੇੜਾ,ਸਮਾਜ ਸੇਵਕ ਮੌਂਟੀ ਮਹਿਮੀ,ਨਰਿੰਦਰ ਬਿੱਲਾ ਸਾਬਕਾ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਨੂੰ ਆਪਸੀ ਏਕਤਾ ਅਤੇ ਭਾਈਚਾਰਕ ਸਾਂਝ ਦਾ ਉਪਦੇਸ਼ ਦਿੱਤਾ ਹੈ। ਉਕਤ ਆਗੂਆਂ ਨੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਬੇਗਮਪੁਰਾ ਵਸਾਉਣ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਆਗੂਆਂ ਨੇ ਕਿਹਾ ਕਿ ਸੰਤ,ਮਹਾਪੁਰਖ,ਗੁਰੂ,ਪੀਰ,ਫ਼ਕੀਰ ਤੇ ਪੈਗੰਬਰ ਸਾਰਿਆਂ ਦੇ ਸਾਂਝੇ ਹੁੰਦੇ ਹਨ। ਇਹਨਾਂ ਨੂੰ ਕਿਸੇ ਇੱਕ ਕੌਮ ਅਤੇ ਜਾਤੀ ਨਾਲ ਜੋੜ ਕੇ ਨਹੀਂ ਦੇਖਿਆ ਜਾਣਾ ਚਾਹੀਦਾ। ਉਹਨਾਂ ਅਜੋਕੀ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਤੋਂ ਸੇਧ ਲੈ ਕੇ ਉਹਨਾਂ ਦੀਆਂ ਸਿੱਖਿਆਵਾਂ ਤੇ ਚਲਦੇ ਹੋਏ ਗੁਰੂ ਸਾਹਿਬ ਦੇ ਸੁਪਨਿਆਂ ਦੇ ਸਮਾਜ ਦੀ ਸਿਰਜਣਾ ਕਰਨ ਵਿੱਚ ਯੋਗਦਾਨ ਪਾਉਣ ਦੀ ਪੁਰਜੋਰ ਅਪੀਲ ਕੀਤੀ ਅਤੇ ਨਸ਼ਿਆ ਤੋਂ ਦੂਰ ਰਹਿ ਉਚ ਸਿੱਖਿਆ ਪ੍ਰਾਪਤ ਕਰਕੇ ਆਪਣਾ,ਆਪਣੇ ਮਾਤਾ ਪਿਤਾ ਅਤੇ ਸਮਾਜ ਦਾ ਨਾਮ ਉੱਚਾ ਚੁੱਕਣ ਲਈ ਪ੍ਰੇਰਿਤ ਕੀਤਾ।

# ਅਰਵਿੰਦਰ ਵੜੈਚ ਲਗਾਤਾਰ ਸੱਤਵੀਂ ਵਾਰ ਟਰੱਸਟ ਦੇ ਪ੍ਰਧਾਨ ਨਿਯੁਕਤ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਦੇ ਪਵਿੱਤਰ ਸ਼ਹਿਰ ਗੁਰੂ ਨਗਰੀ ਅੰਮ੍ਰਿਤਸਰ ਵਿੱਚ ਹਮੇਸ਼ਾ ਸਮਾਜ ਸੇਵੀ ਕੰਮਾਂ ਵਿੱਚ ਅੱਗੇ ਰਹਿਣ ਵਾਲੇ ਰਾਸ਼ਟਰੀ ਨੌਜਵਾਨ ਸੋਸ਼ਲ ਐਂਡ ਸਪੋਰਟਸ ਸੁਸਾਇਟੀ (ਰੰਸਸਸ ਰਜਿ:) ਦੇ ਮਿਹਨਤੀ ਅਤੇ ਸਮਾਜ ਸੇਵੀ ਕੰਮਾਂ ਵਿੱਚ ਹਮੇਸ਼ਾ ਤਿਆਰ ਬਰ ਤਿਆਰ ਰਹਿਣ ਵਾਲੇ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਟੀਮ ਦੇ ਚਲਦਿਆਂ ਸੰਸਥਾ ਲੋਕਾਂ ਦੇ ਦਿਲਾਂ ਵਿੱਚ ਅਹਿਮ ਸਥਾਨ ਬਣਾ ਚੁੱਕੀ ਹੈ। ਸੰਸਥਾ ਦੇ ਧਾਰਮਿਕ ਯੂਨਿਟ ਏਕਨੂਰ ਸੇਵਾ ਟਰੱਸਟ ਦੀ ਦੇਖ-ਰੇਖ ਵਿੱਚ ਪਿਛਲੇ 13 ਸਾਲਾਂ ਤੋਂ ਮਾਸਿਕ ਬੱਸ ਯਾਤਰਾ ਦੇ ਤਹਿਤ ਹਜ਼ਾਰਾਂ ਸੰਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ ਸਮੇਤ ਵੱਖ-ਵੱਖ ਸੈਂਕੜੇ ਗੁਰੂਦੁਆਰਿਆਂ,ਮੰਦਰਾਂ ਤੇ ਹੋਰ ਧਾਰਮਿਕ ਸੰਸਥਾਵਾਂ ਦੇ ਦਰਸ਼ਨ ਕਰਵਾਏ ਜਾ ਚੁੱਕੇ ਹਨ। ਇਸ ਸੰਸਥਾ ਦੀ ਤਿੰਨ ਸਾਲਾ ਚੋਣ ਦੀ ਬੈਠਕ ਦੇ ਦੌਰਾਨ ਸਰਬ ਸੰਮਤੀ ਦੇ ਨਾਲ ਅਰਵਿੰਦਰ ਵੜੈਚ ਨੂੰ ਲਗਾਤਾਰ ਸੱਤਵੀਂ ਵਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਜਿਸ ਦੌਰਾਨ ਅਰਵਿੰਦਰ ਵੜੈਚ ਵੱਲੋਂ ਆਪਣੇ ਟੀਮ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਅੱਗੇ ਤੋਂ ਵੀ ਜੀ ਜਾਨ ਨਾਲ ਸੇਵਾਵਾਂ ਸਮਰਪਿਤ ਕਰਨ ਦਾ ਭਰੋਸਾ ਦਿੱਤਾ ਗਿਆ।

ਟਰੱਸਟ ਦੀ ਚੋਣ ਦੇ ਦੌਰਾਨ ਡਾ.ਨਰਿੰਦਰ ਚਾਵਲਾ ਸਰਪ੍ਰਸਤ, ਬਲਬੀਰ ਭਸੀਨ ਚੇਅਰਮੈਨ,ਰਜੇਸ਼ ਸਿੰਘ ਜੌੜਾ ਸੀਨੀਅਰ ਉਪ ਚੇਅਰਮੈਨ, ਅਰਵਿੰਦਰ ਵੜੈਚ ਪ੍ਰਧਾਨ,ਰੰਜਨ ਸ਼ਰਮਾ ਜਨਰਲ ਸਕੱਤਰ,ਜਗਦੀਸ਼ ਰਾਜ,ਵਿਕਾਸ ਭਾਸਕਰ,ਰਵੀ ਸ਼ੰਕਰ, ਅਰਜੁਨ ਮਦਾਨ,ਵਿਨੇ ਅਰੋੜਾ,ਸ਼ੈਲੀ ਸਿੰਘ (ਸਾਰੇ ਸੈਕਟਰੀ), ਰਮੇਸ਼ ਚੋਪੜਾ ਸੀਨੀਅਰ ਮੀਤ ਪ੍ਰਧਾਨ,ਸੁਸ਼ੀਲ ਸ਼ਰਮਾ, ਲਵਲੀਨ ਵੜੈਚ,ਧੀਰਜ ਮਲਹੋਤਰਾ,ਰਜਿੰਦਰ ਸ਼ਰਮਾ, ਰਜਿੰਦਰ ਸਿੰਘ ਧਾਨਿਕ, ਆਸਾ ਰਾਣੀ,ਰਜਿੰਦਰ ਸਿੰਘ ਰਾਵਤ,ਅਮਨ ਭਨੋਟ (ਸਾਰੇ ਮੀਤ ਪ੍ਰਧਾਨ), ਜਤਿੰਦਰ ਅਰੋੜਾ ਕੈਸ਼ੀਅਰ,ਪਵਿੱਤਰਜੋਤ ਸਹਾਇਕ ਕੈਸ਼ੀਅਰ,ਆਰ.ਕੇ ਸੋਨੀ,ਪਰਮਜੀਤ ਸਿੰਘ ਬੱਗਾ, ਪਰਵਿੰਦਰ ਬੁਮੋਤਰਾ ਪ੍ਰੈਸ ਸੈਕਟਰੀ,ਐਡਵੋਕੇਟ ਰਾਜ ਬਰਿੰਦਰ ਸਿੰਘ ਕਨੂੰਨੀ ਸਲਾਹਕਾਰ,ਸੰਦੀਪ ਸ਼ਰਮਾ ਸੰਗਠਨ ਸੈਕਟਰੀ ਸਮੇਤ ਰਾਮ ਕੁਮਾਰ,ਲਲਿਤ ਮਲਹੋਤਰਾ,ਸੀਮਾ ਸ਼ਰਮਾ, ਰਮਨ ਕੁਮਾਰ ਬਿੱਟਾ,ਰਜਿੰਦਰ ਸ਼ਰਮਾ ਲਾਟੀ,ਸੁਮਿਤ ਸ਼ਰਮਾ ਸਨੀ,ਜਤਿਨ ਕੁਮਾਰ ਨੰਨੂ, ਰਾਮ ਸਿੰਘ ਪਵਾਰ,ਦੀਪਕ ਸਭਰਵਾਲ ਨੂੰ ਕਾਰਜਕਾਰਨੀ ਮੈਂਬਰ ਨਿਯੁਕਤ ਕੀਤਾ ਗਿਆ।

ਪ੍ਰਧਾਨ ਅਰਵਿੰਦਰ ਵੜੈਚ, ਬਲਬੀਰ ਭਸੀਨ,ਜਤਿੰਦਰ ਅਰੋੜਾ,ਰਜੇਸ਼ ਸਿੰਘ ਜੋੜਾ, ਡਾ.ਨਰਿੰਦਰ ਚਾਵਲਾ,ਰੰਜਨ ਸ਼ਰਮਾ ਨੇ ਬੈਠਕ ਦੇ ਦੌਰਾਨ ਨਵੇਂ ਟੀਮ ਸਾਥੀਆਂ ਨੂੰ ਸਨਮਾਨਿਤ ਕਰਦੇ ਹੋਏ ਕਿਹਾ ਕਿ ਕਿ ਸਾਡੀ ਪੂਰੀ ਟੀਮ ਪਹਿਲਾਂ ਨਾਲੋਂ ਵੀ ਜਿਆਦਾ ਤਾਕਤ ਅਤੇ ਉਤਸਾਹ ਦੇ ਨਾਲ ਸਮਾਜ ਸੇਵੀ ਕੰਮਾਂ ਵਿੱਚ ਆਪਣਾ ਯੋਗਦਾਨ ਅਦਾ ਕਰਨ ਤੋਂ ਕਦੀ ਵੀ ਪਿੱਛੇ ਨਹੀਂ ਹਟੇਗੀ। ਜਿਸ ਦੌਰਾਨ ਜ਼ਿਲਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਵੀ ਸਹਿਯੋਗ ਦੇਣ ਤੋਂ ਕਦੇ ਵੀ ਪਿੱਛੇ ਨਹੀਂ ਹਟਿਆ ਜਾਵੇਗਾ। ਉਹਨਾਂ ਨੇ ਕਿਹਾ ਕਿ ਨੌਜਵਾਨ ਵਰਗ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਧਾਰਮਿਕ ਕੰਮਾਂ ਦੇ ਵੱਲ ਰੁਝਾਣ ਵਧਾਉਣ,ਸਾਲ ਵਿੱਚ ਅਨੇਕਾਂ ਧਾਰਮਿਕ ਪ੍ਰੋਗਰਾਮ ਕਰਵਾਉਣ,ਲੜਕੀਆਂ ਅਤੇ ਮਹਿਲਾਵਾਂ ਨੂੰ ਸਵੈ ਰੁਜ਼ਗਾਰ ਬਣਾਉਣ ਲਈ ਬਿਊਟੀ ਪਾਰਲਰ ਤੇ ਸਲਾਈ ਸੈਂਟਰ ਜਰੀਏ ਕੋਰਸ ਕਰਵਾਉਣ,ਖ਼ੂਨਦਾਨ ਅਤੇ ਮੈਡੀਕਲ ਕੈਂਪ ਲਗਾਉਣ, ਜ਼ਰੂਰਤਮੰਦ ਪਰਿਵਾਰਾਂ ਨੂੰ ਮਾਸਿਕ ਰਾਸ਼ਨ,ਬੱਚਿਆਂ ਨੂੰ ਸਿੱਖਿਆ ਮੁਹਈਆ ਕਰਵਾਉਣ, ਪੰਜਾਬ ਅਤੇ ਕੇਂਦਰ ਸਰਕਾਰ ਦੁਆਰਾ ਜਰੂਰਤਮੰਦ ਪਰਿਵਾਰਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਸਬੰਧੀ ਜਾਗਰੂਕ ਕਰਨ ਆਦਿ ਸਮੇਤ ਹੋਰ ਸਮਾਜਿਕ ਕੰਮਾਂ ਵਿੱਚ ਆਪਣਾ ਯੋਗਦਾਨ ਦਿੱਤਾ ਜਾ ਰਿਹਾ ਹੈ।

# ਮੇਲਿਆਂ ਤਿਉਹਾਰਾਂ ਦੌਰਾਨ ਲੱਗਣ ਵਾਲੇ ਝੂਲਿਆਂ ਦੇ ਸੁਰੱਖਿਆ ਸਰਟੀਫਿਕੇਟ ਜਮ੍ਹਾਂ ਕਰਵਾਉਣ ਦੇ ਨਿਰਦੇਸ਼



ਫ਼ਗਵਾੜਾ (ਸੁਸ਼ੀਲ ਸ਼ਰਮਾ) ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐਨ.ਐਸ.ਐਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਅੰਮ੍ਰਿਤਸਰ ਅਧਿਕਾਰ ਖੇਤਰ ਅਧੀਨ ਆਉਂਦੇ ਵੱਖ-ਵੱਖ ਥਾਵਾਂ ਜਿਵੇਂ ਮਾਲ,ਮੈਦਾਨ ਆਦਿ ਤੇ ਲੱਗਣ ਵਾਲੇ ਤਿਉਹਾਰਾਂ/ਮੇਲਿਆਂ ਦੌਰਾਨ ਬੱਚਿਆਂ ਲਈ ਰਾਈਡਜ਼,ਖਿਲੌਣਾ ਟਰੇਨਾਂ ਵਿੱਚ ਭਾਰੀ ਭੀੜ ਵੇਖਣ ਨੂੰ ਮਿਲਦੀ ਹੈ,ਇਸ ਵਿੱਚ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਣ ਲਈ ਸਾਰੀਆਂ ਸਵਾਰੀਆਂ ਅਤੇ ਖੇਡ ਦੇ ਖੇਤਰ ਦੇ ਉਪਕਰਣਾਂ ਦੀ ਸਰਵਿਸ ਹੋਣੀ ਜ਼ਰੂਰੀ ਹੈ ਅਤੇ ਉਨ੍ਹਾਂ ਦੇ ਸੁਰੱਖਿਆ ਸਰਟੀਫਿਕੇਟ ਵੀ 15 ਦਿਨਾਂ ਦੇ ਅੰਦਰ-ਅੰਦਰ ਕਮਿਸ਼ਨਰ ਨਗਰ ਨਿਗਮ ਅਤੇ ਸਾਰੇ ਕਾਰਜਕਾਰੀ ਅਫ਼ਸਰਾਂ, ਨਗਰ ਕੌਂਸਲਾਂ ਨੂੰ ਆਪੋ ਆਪਣੇ ਅਧਿਕਾਰ ਖੇਤਰ ਵਿੱਚ ਜਮ੍ਹਾ ਕਰਵਾਉਣੇ ਜਰੂਰੀ ਹਨ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਮੇਲਿਆਂ, ਤਿਉਹਾਰਾਂ ਅਤੇ ਮਾਲ ਵਿੱਚ ਜਿਸ ਸਥਾਨ ਤੇ ਵੀ ਝੂਲੇ ਲਗਾਏ ਜਾਣੇ ਹਨ। ਉੱਥੇ ਸੁਰੱਖਿਆ ਪ੍ਰੋਟੋਕੋਲ ਦੀ ਨਿਗਰਾਨੀ ਲਈ ਇਮਾਰਤ ਦੇ ਮਾਲਕ/ਓਪਰੇਟਰ ਵਲੋਂ ਇਕ ਸੁਰੱਖਿਆ ਅਧਿਕਾਰੀ ਨਿਯੁਕਤ ਹੋਣਾ ਚਾਹੀਦਾ ਹੈ। ਉਨਾਂ ਕਿਹਾ ਕਿ ਬੱਚਿਆਂ ਦੇ ਖੇਡ ਖੇਤਰਾਂ ਵਿੱਚ ਸਾਰੀਆਂ ਸਵਾਰੀਆਂ ਅਤੇ ਮਸ਼ੀਨਾਂ ਲਈ ਸੁਰੱਖਿਆ ਪ੍ਰੋਟੋਕੋਲ ਜਨਤਕ ਤੌਰ ਤੇ ਪ੍ਰਦਰਸ਼ਿਤ ਹੋਣੇ ਚਾਹੀਦੇ ਹਨ ਅਤੇ ਕਿਸੇ ਵੀ ਡਾਕਟਰੀ ਐਮਰਜੈਂਸੀ ਨੂੰ ਸੰਭਾਲਣ ਲਈ ਇਕ ਮੈਡੀਕਲ ਐਮਰਜੈਂਸੀ ਸਥਾਪਿਤ ਕਰਵਾਉਣਾ ਜ਼ਰੂਰੀ ਹੈ। ਉਨਾਂ ਕਿਹਾ ਕਿ ਇਹ ਹੁਕਮ ਤੁਰੰਤ ਲਾਗੂ ਹੋਣਗੇ ਅਤੇ ਅਗਲੇ ਹੁਕਮਾਂ ਤੱਕ ਜਾਰੀ ਰਹਿਣਗੇ।

**ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।**

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸ਼ਿਵ ਸ਼ਕਤੀ ਮਾਤਾ ਮੰਦਰ ਕਮੇਟੀ ਨੇ ਮੇਅਰ ਤੇ ਡਿਪਟੀ ਮੇਅਰ ਦਾ ਕੀਤਾ ਸਨਮਾਨ

ਫਗਵਾੜਾ, ( ਸੁਸ਼ੀਲ ਸ਼ਰਮਾ ) ਸ਼ਹਿਰ ਦੇ ਨਵ-ਨਿਯੁਕਤ ਮੇਅਰ ਰਾਮਪਾਲ ਉੱਪਲ ਅਤੇ ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ ਨੇ ਕਾਰਪੋਰੇਸ਼ਨ ਫਗਵਾੜਾ 'ਚ ਆਪਣਾ ਅਹੁਦਾ ਸੰਭਾਲਣ ਉਪਰੰਤ ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਵਿਖੇ ਮੱਥਾ ਟੇਕਿਆ ਅਤੇ ਮਾਤਾ ਰਾਣੀ ਦਾ ਆਸ਼ੀਰਵਾਦ ਲਿਆ। ਇਸ ਦੌਰਾਨ ਮੰਦਰ ਕਮੇਟੀ ਦੀ ਪ੍ਰਧਾਨ ਚੰਚਲ ਸੇਠ ਅਤੇ ਕੈਸ਼ੀਅਰ ਕਿੱਟੀ ਬਸਰਾ ਸਮੇਤ ਸਮੂਹ ਕਮੇਟੀ ਮੈਂਬਰਾਂ ਵੱਲੋਂ ਮੇਅਰ ਰਾਮਪਾਲ ਉੱਪਲ ਅਤੇ ਡਿਪਟੀ ਮੇਅਰ ਤੇਜਪਾਲ ਬਸਰਾ ਨੂੰ ਸਨਮਾਨਿਤ ਕੀਤਾ ਗਿਆ। ਮੇਅਰ ਰਾਮਪਾਲ ਉੱਪਲ ਨੇ ਸਨਮਾਨ ਲਈ ਮੰਦਰ ਕਮੇਟੀ ਅਤੇ ਹਾਜ਼ਰੀਨ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸ਼ਹਿਰ ਵਾਸੀਆਂ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਤਨਦੇਹੀ ਨਾਲ ਨਿਭਾਉਣਗੇ। ਸ਼ਹਿਰ ਦੇ ਸਾਰੇ ਵਾਰਡਾਂ ਦਾ ਵਿਕਾਸ ਬਿਨਾਂ ਕਿਸੇ ਪੱਖਪਾਤ ਤੋਂ ਕੀਤਾ ਜਾਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਨਿਗਮ ਦੇ ਆਉਣ ਵਾਲੇ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਸ਼ਹਿਰ ਵਿੱਚ ਵਿਕਾਸ ਦੀ ਹਨ੍ਹੇਰੀ ਚੱਲੇਗੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੇ ਸਹਿਯੋਗ ਤੇ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੀ ਰਹਿਨੁਮਾਈ ਹੇਠ ਸ਼ਹਿਰ ਦੀਆਂ ਅਹਿਮ ਸਮੱਸਿਆਵਾਂ ਦਾ ਸਥਾਈ ਹੱਲ ਕਰਵਾਇਆ ਜਾਵੇਗਾ। ਇਸ ਦੇ ਨਾਲ ਹੀ ਉਹ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਵੀ ਹਰ ਸੰਭਵ ਯਤਨ ਕਰਨਗੇ। ਉਨ੍ਹਾਂ ਸ਼ਹਿਰ ਦੀ ਸੁੰਦਰਤਾ ਅਤੇ ਸਾਫ਼-ਸਫ਼ਾਈ ਵਿੱਚ ਸ਼ਹਿਰ ਵਾਸੀਆਂ ਨੂੰ ਸਹਿਯੋਗ ਦੀ ਅਪੀਲ ਵੀ ਕੀਤੀ। ਇਸ ਮੌਕੇ ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਸ਼ਾਖਾ ਪ੍ਰਧਾਨ ਗੁਰਦੀਪ ਸਿੰਘ ਕੰਗ, ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ ਤੋਂ ਇਲਾਵਾ ਕੌਂਸਲਰ ਜਸਦੇਵ ਸਿੰਘ, ਕੌਂਸਲਰ ਪੁੱਤਰ ਸੌਰਵ ਹਾਂਡਾ, ਕੈਲਾਸ਼ ਨਾਥ ਗੁਪਤਾ, ਕੈਲਾਸ਼ ਸ਼ਰਮਾ, ਹਰਮੇਸ਼ ਪਾਠਕ, ਬੱਬੂ ਮਨੀਲਾ, ਸਮਾਜ ਸੇਵੀ ਐਸ.ਪੀ. ਬਸਰਾ, ਅਧਿਆਪਕ ਆਗੂ ਵਰਿੰਦਰ ਸਿੰਘ ਕੰਬੋਜ, ਲਾਇਨਜ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਸਕੱਤਰ ਲਾਇਨ ਦਿਨੇਸ਼ ਖਰਬੰਦਾ, ਜਨਤਾ ਸੇਵਾ ਸੰਮਤੀ ਦੇ ਪ੍ਰਧਾਨ ਵਿਪਨ ਖੁਰਾਣਾ, ਪਵਨ ਕਲੁਚਾ, ਮਨੀਸ਼ ਕਨੌਂਜੀਆ, ਰਸ਼ਮੀ ਕਾਲੜਾ, ਲਾਇਨ ਵਿਪਨ ਸ਼ਰਮਾ ਆਦਿ ਹਾਜ਼ਰ ਸਨ।



# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ 648ਵੇਂ ਗੁਰਪੁਰਬ ਦੀ ਖੁਸ਼ੀ 'ਚ ਔਰਤਾਂ ਨੂੰ ਕੀਤੀ 25 ਕੰਬਲਾਂ ਦੀ ਵੰਡ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਜਨਮ ਦਿਨ ਦੀ ਖੁਸ਼ੀ ਵਿਚ ਅੱਜ ਸਥਾਨਕ ਖੇੜਾ ਰੋਡ ਸਥਿਤ ਸੀਨੀਅਰ ਸਿਟੀਜਨ ਕੇਅਰ ਸੈਂਟਰ ਵਿਖੇ ਕੰਬਲਾਂ ਦੀ ਵੰਡ ਕੀਤੀ ਗਈ। ਇਸ ਸਬੰਧੀ ਆਯੋਜਿਤ ਸਮਾਗਮ ਦੀ ਪ੍ਰਧਾਨ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਵਲੋਂ ਕੀਤੀ ਗਈ। ਵਧੇਰੇ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਸਰਪ੍ਰਸਤ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਹੱਥੀਂ ਕਿਰਤ ਕਰਨ ਵਾਲੀਆਂ 25 ਮਿਹਨਤੀ ਔਰਤਾਂ ਨੂੰ ਕੰਬਲਾਂ ਦੀ ਵੰਡ ਕੀਤੀ ਗਈ ਹੈ। ਉਹਨਾਂ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਨੇ ਸਮਾਜ ਨੂੰ ਬਰਾਬਰਤਾ ਦਾ ਉਪਦੇਸ਼ ਦਿੱਤਾ ਹੈ। ਉਹਨਾਂ ਹਾਜਰੀਨ ਨੂੰ ਗੁਰੂ ਮਹਾਰਾਜ ਦੇ ਉਪਦੇਸ਼ਾਂ 'ਤੇ ਚੱਲਣ ਲਈ ਵੀ ਪ੍ਰੇਰਿਆ। ਸਮਾਗਮ ਦੇ ਮੁੱਖ ਮਹਿਮਾਨ ਸੁਖਵਿੰਦਰ ਕੌਰ ਭਮਰਾ ਸਨ। ਅਖੀਰ ਵਿਚ ਸੁਸਾਇਟੀ ਦੇ ਸਕੱਤਰ ਸੁਰਿੰਦਰ ਪਾਲ ਨੇ ਸਮੂਹ ਹਾਜਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜਨਤਾ ਸੇਵਾ ਸੰਮਤੀ ਦੇ ਪ੍ਰਧਾਨ ਵਿਪਨ ਖੁਰਾਣਾ, ਐਸ.ਸੀ. ਚਾਵਲਾ, ਰਾਮ ਲੁਭਾਇਆ, ਰਮੇਸ਼ ਬਹਿਲ, ਰਾਜਕੁਮਾਰ ਕਨੌਂਜੀਆ, ਰਵੀ ਕਾਂਤ ਸਹਿਗਲ, ਦਵਿੰਦਰ ਸਿੰਘ, ਮੋਹਨ ਸਿੰਘ ਤਨੇਜਾ, ਸਿਲਾਈ ਟੀਚਰ ਪਵਨਜੀਤ ਕੌਰ ਆਦਿ ਹਾਜਰ ਸਨ।

# ਪਰਿਆਸ ਸੰਸਥਾ ਨੇ ਪਲਾਹੀ ਰੋਡ 'ਤੇ ਲਗਾਇਆ ਆਯੁਸ਼ਮਾਨ ਕਾਰਡ ਬਣਾਉਣ ਦਾ ਕੈਂਪ

ਫਗਵਾੜਾ ( ਸੁਸ਼ੀਲ ਸ਼ਰਮਾ ) ਸਮਾਜ ਸੇਵਾ ਦੇ ਖੇਤਰ 'ਚ ਸਰਗਰਮ ਜੱਥੇਬੰਦੀ ਪਰਿਆਸ ਸਿਟੀਜ਼ਨਸ ਵੈਲਫੇਅਰ ਕੌਂਸਿਲ ਫਗਵਾੜਾ ਵਲੋਂ ਜੱਥੇਬੰਦੀ ਦੇ ਕਨਵੀਨਰ ਸ਼ਕਤੀ ਮਹਿੰਦਰੂ ਦੀ ਦੇਖਰੇਖ ਹੇਠ ਸਥਾਨਕ ਪਲਾਹੀ ਰੋਡ ਸਥਿਤ ਜੇ.ਐਸ ਸ਼ਰਮਾ ਐਡਵੋਕੇਟਸ ਐਂਡ ਐਸੋਸੀਏਟਸ ਦਫ਼ਤਰ ਵਿਖੇ 70 ਸਾਲ ਤੋਂ ਵੱਧ ਉਮਰ ਦੇ ਬਜੁਰਗਾਂ ਲਈ ਮੁਫਤ ਆਯੁਸ਼ਮਾਨ ਵੇ ਵੰਦਨਾ ਕਾਰਡ ਬਣਾਉਣ ਦਾ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਸੁਖਵਿੰਦਰ ਕੁਮਾਰ, ਮੋਹਿਤ ਸ਼ਰਮਾ ਅਤੇ ਤੀਰਥ ਰਾਮ ਦੀ ਟੀਮ ਨੇ 72 ਤੋਂ ਵੱਧ ਬਜੁਰਗਾਂ ਦੇ ਕੇਂਦਰ ਸਰਕਾਰ ਦੀ ਆਯੁਸ਼ਮਾਨ ਯੋਜਨਾ ਤਹਿਤ ਕਾਰਡ ਬਣਾਏ। ਸ਼ਕਤੀ ਮਹਿੰਦਰੂ ਨੇ ਦੱਸਿਆ ਕਿ ਇਸ ਕੈਂਪ ਵਿੱਚ ਫਗਵਾੜਾ ਸ਼ਹਿਰ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਬਜੁਰਗਾਂ ਨੇ ਵੀ ਲਾਭ ਲਿਆ। ਉਹਨਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਡਾਇਰੈਕਟਰ ਐਡਵੋਕੇਟ ਜਤਿੰਦਰ ਸ਼ਰਮਾ ਅਤੇ ਸੰਦੀਪ ਸ਼ਰਮਾ ਸਨ। ਕੈਂਪ ਦੌਰਾਨ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਹਨਾਂ ਨੇ ਪਰਿਆਸ ਸੰਸਥਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਦੱਸਿਆ ਕਿ ਕੇਂਦਰ ਦੀ ਇਸ ਯੋਜਨਾ ਤਹਿਤ ਕੋਈ ਵੀ ਬਜੁਰਗ ਜਿਸਦੀ ਉਮਰ 70 ਸਾਲ ਤੋਂ ਜਿਆਦਾ ਹੈ, ਉਹ ਬਿਨਾਂ ਆਰਥਕ ਮਾਪਦੰਡ ਤੋਂ ਸਰਕਾਰੀ ਹਸਪਤਾਲਾਂ ਅਤੇ ਸਰਕਾਰ ਵਲੋਂ ਯੋਜਨਾ ਲਈ ਸੂਚੀਬੱਧ ਕੀਤੇ ਗਏ ਪ੍ਰਾਈਵੇਟ ਹਸਪਤਾਲਾਂ ਵਿਚ ਪੰਜ ਲੱਖ ਰੁਪਏ ਤੱਕ ਦੇ ਫਰੀ ਇਲਾਜ ਦੀ ਸੁਵਿਧਾ ਹਾਸਲ ਕਰ ਸਕਦਾ ਹੈ। ਅਖੀਰ ਵਿਚ ਕਨਵੀਨਰ ਸ਼ਕਤੀ ਮਹਿੰਦਰੂ ਨੇ ਮੁੱਖ ਮਹਿਮਾਨ ਅਤੇ ਸਮੂਹ ਸਹਿਯੋਗੀਆਂ ਦਾ ਕੈਂਪ ਨੂੰ ਸਫਲ ਬਨਾਉਣ ਲਈ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਆਉਣ ਵਾਲੇ ਦਿਨਾਂ ਵਿੱਚ ਉਹਨਾਂ ਦੀ ਸੰਸਥਾ ਵਲੋਂ ਇਸ ਪ੍ਰਕਾਰ ਦੇ ਹੋਰ ਕੈਂਪ ਵੀ ਲਗਾਏ ਜਾਣਗੇ ਤਾਂ ਜੋ ਸਰਕਾਰੀ ਸਕੀਮਾਂ ਦਾ ਲਾਭ ਹਰੇਕ ਲੋੜਵੰਦ ਤੱਕ ਪਹੁੰਚਾਇਆ ਜਾ ਸਕੇ। ਇਸ ਮੌਕੇ ਡੀ.ਐਸ ਜੱਸਲ ਮਨਿੰਦਰ ਸ਼ਰਮਾ, ਤਰਸੇਮ ਸਿੰਘ ਭੋਗਲ, ਪੁਰਸ਼ੋਤਮ ਲਾਲ ਭੱਟੀ, ਗੁਰਬਖਸ਼ ਸਿੰਘ ਰਾਣਾ, ਰਮਨ ਚੌਸਰ, ਪੁਨੀਤ ਸ਼ਰਮਾ, ਨਰਿੰਦਰ ਕੁਮਾਰ ਅਤੇ ਯਸ਼ਪਾਲ ਬੱਤਰਾ ਆਦਿ ਹਾਜਰ ਸਨ।



# ਸਿਵਲ ਸਰਜਨ ਵੱਲੋਂ ਗਣਤੰਤਰ ਦਿਵਸ ਮੌਕੇ ਸਿਹਤ ਵਿਭਾਗ ਦੀ ਝਾਕੀ ਦੇ ਵਧੀਆ ਪ੍ਰਦਰਸ਼ਨ ਲਈ ਸਿਹਤ ਸਟਾਫ ਅਤੇ ਨਰਸਿੰਗ ਵਿਦਿਆਰਥਣਾਂ ਦਾ ਸਨਮਾਨ



ਫ਼ਗਵਾੜਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ. ਗੁਰਮੀਤ ਲਾਲ ਵੱਲੋਂ ਗਣਤੰਤਰ ਦਿਵਸ ਮੌਕੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਸਿਹਤ ਵਿਭਾਗ ਵੱਲੋਂ ਐਨ.ਪੀ.ਸੀ.ਡੀ.ਸੀ.ਐਸ.ਵਿਸ਼ੇ ਤੇ ਝਾਕੀ ਪ੍ਰਦਰਸ਼ਿਤ ਕਰਨ ਚ ਵਧੀਆ ਕਾਰਗੁਜਾਰੀ ਲਈ ਸਿਹਤ ਸਟਾਫ ਦਾ ਸਨਮਾਨ ਕੀਤਾ ਗਿਆ। ਸਿਵਲ ਸਰਜਨ ਵੱਲੋਂ ਮੰਗਲਵਾਰ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਏ.ਐਨ.ਐਮ.,ਆਸ਼ਾ ਵਰਕਰਜ਼, ਸ਼ਹੀਦ ਬਾਬੂ ਲਾਭ ਸਿੰਘ ਨਰਸਿੰਗ ਸਕੂਲ ਦੀਆਂ ਵਿਦਿਆਰਥਣਾਂ ਅਤੇ ਸਟਾਫ ਨੂੰ ਸਨਮਾਨਿਤ ਕੀਤਾ ਗਿਆ।

ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਸਮੂਹ ਸਟਾਫ ਨੂੰ ਹੌਸਲਾਅਫ਼ਜਾਈ ਕਰਦੇ ਹੋਏ ਭਵਿੱਖ ਵਿੱਚ ਵੀ ਸੇਵਾ ਭਾਵ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸਿਵਲ ਸਰਜਨ ਵੱਲੋਂ ਏ.ਐਨ.ਐਮ.ਮਨਦੀਪ ਕੌਰ,ਆਸ਼ਾ ਵਰਕਰਜ਼ ਨੀਤੂ ਤੇ ਸੰਤੋਸ਼ ਅਤੇ ਨਰਸਿੰਗ ਵਿਦਿਆਰਥਣਾਂ ਪ੍ਰਦੀਪ,ਮਨੀਸ਼ਾ,ਵਰਿੰਦਰਜੀਤ ਅਤੇ ਦੀਯਾ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਤੰਦਰੁਸਤ ਅਤੇ ਸਿਹਤਮੰਦ ਸਮਾਜ ਦੀ ਸਿਰਜਨਾ ਲਈ ਜ਼ਰੂਰੀ ਹੈ ਕਿ ਅਸੀਂ ਆਪਣੀ ਸੋਚ ਨੂੰ ਵਧੀਆ ਰੱਖਦੇ ਹੋਏ ਸਮਾਜ ਨੂੰ ਨਵੀਂ ਦਿਸ਼ਾ ਦਿਖਾਈਏ ਅਤੇ ਭਵਿੱਖ ਵਿਚ ਤੰਦਰੁਸਤ ਸਮਾਜ ਦੇ ਸੁਪਨੇ ਨੂੰ ਹਕੀਕਤ ਵਿਚ ਬਦਲਣ ਦੇ ਲਈ ਹੋਰ ਵੀ ਤਨਦੇਹੀ ਨਾਲ ਕੰਮ ਕਰੀਏ। ਇਸ ਮੌਕੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ.ਰਮਨ ਗੁਪਤਾ,ਜਿਲ੍ਹਾ ਟੀਕਾਕਰਨ ਅਫ਼ਸਰ ਡਾ.ਰਾਕੇਸ਼ ਚੋਪੜਾ, ਮੈਡੀਕਲ ਅਫ਼ਸਰ ਡਾ.ਜਸਵਿੰਦਰ ਸਿੰਘ, ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਗੁਰਦੀਪ ਸਿੰਘ,ਡਿਪਟੀ ਐਮ.ਈ.ਆਈ.ਓ ਅਸੀਮ ਸ਼ਰਮਾ ਅਤੇ ਜਿਲ੍ਹਾ ਬੀ.ਸੀ.ਸੀ.ਕੋਆਰਡੀਨੇਟਰ ਨੀਰਜ ਸ਼ਰਮਾ ਮੌਜੂਦ ਸਨ।

# ਬੀ.ਡੀ.ਪੀ.ਓ.ਦਫਤਰ ਫਗਵਾੜਾ ਵਿਖੇ 648ਵੇਂ ਪ੍ਰਕਾਸ਼ ਦਿਹਾੜੇ ਦੀ ਖੁਸ਼ੀ 'ਚ ਵੰਡੇ ਲੱਡੂ

ਫਗਵਾੜਾ (ਸੁਸ਼ੀਲ ਸ਼ਰਮਾ) ਬੀ.ਡੀ.ਪੀ.ਓ. ਦਫਤਰ ਫਗਵਾੜਾ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਦਿਹਾੜੇ ਦੀ ਖੁਸ਼ੀ ਵਿਚ ਲੱਡੂ ਵੰਡੇ ਗਏ। ਇਸ ਮੌਕੇ ਵਿਸ਼ੇਸ਼ ਤੌਰ ਤੇ ਮੌਜੂਦ ਰਹੇ ਪਿੰਡ ਵਜੀਦੋਵਾਲ ਦੇ ਸਰਪੰਚ ਰਿਪਲ ਕੁਮਾਰ ਤੋਂ ਇਲਾਵਾ ਪੰਚਾਇਤ ਅਫਸਰ ਜਗਜੀਤ ਸਿੰਘ ਪਰਮਾਰ, ਸੁਲੱਖਣ ਸਿੰਘ ਟੀ.ਸੀ.ਅਤੇ ਮਲਕੀਤ ਚੰਦ ਕੰਗ ਪੰਚਾਇਤ ਸਕੱਤਰ ਨੇ ਸਮੂਹ ਹਾਜਰੀਨ ਨੂੰ ਗੁਰੂ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਨੇ ਆਪਣੇ ਕ੍ਰਾਂਤੀਕਾਰੀ ਵਿਚਾਰਾਂ ਨਾਲ ਸਮੁੱਚੀ ਮਨੁੱਖਤਾ ਨੂੰ ਸਾਂਝੀਵਾਲਤਾ ਦਾ ਸੁਨੇਹਾ ਦਿੱਤਾ ਹੈ। ਉਹਨਾਂ ਦੀ ਬਾਣੀ ਤੋਂ ਪ੍ਰੇਰਣਾ ਲੈ ਕੇ ਗੁਰੂ ਮਹਾਰਾਜ ਦੀਆਂ ਸਿੱਖਿਆਵਾਂ ਤੇ ਚੱਲਣਾ ਚਾਹੀਦਾ ਹੈ। ਇਸ ਦੌਰਾਨ ਸੁਰਿੰਦਰ ਪਾਲ ਏ.ਪੀ.ਓ. ਮਗਨਰੇਗਾ, ਜਸਕਰਨ ਵਰਮਾ ਟੀ.ਏ. ਮਗਨਰੇਗਾ, ਅਨਿਲ ਕੁਮਾਰ ਜੇ.ਈ. ਪੰਚਾਇਤੀ ਰਾਜ, ਸੰਜੀਵ ਕੁਮਾਰ ਸਕੱਤਰ, ਸੋਨੀਆ ਤੇ ਰਮਨ ਕੁਮਾਰੀ ਜੀ.ਆਰ.ਐਸ. ਮਗਨਰੇਗਾ, ਡਾ. ਪੂਨਮ ਰਾਣੀ ਮੱਛੀ ਪਾਲਣ ਅਧਿਕਾਰੀ, ਕੰਪਿਊਟਰ ਓਪਰੇਟਰ ਉਮੇਸ਼ ਤੇ ਪ੍ਰਿਅੰਕਾ,ਮਨਜੀਤ ਕੌਰ ਸੀ.ਏ.ਮਗਨਰੇਗਾ,ਗੁਰਮੀਤ ਸਿੰਘ ਗੋਗੀ, ਰੇਸ਼ਮ ਸਿੰਘ,ਸਿਮਰ ਕੁਮਾਰ, ਸ਼ਾਲੂ,ਠੇਕੇਦਾਰ ਜੋਗੀ ਲਾਲ, ਠੇਕੇਦਾਰ ਅਸ਼ੋਕ ਖਲਵਾੜਾ ਕਲੋਨੀ, ਸ਼ਿਵ ਯਸ਼,ਨਵਜੋਤ ਸਿੰਘ ਤੋਂ ਇਲਾਵਾ ਪੰਡਿਤ ਦਲਜੀਤ ਕੁਮਾਰ, ਬਲਜਿੰਦਰ ਕੌਰ, ਸੁਖਦੇਵ ਕੁਮਾਰ,ਪਵਨ ਕੁਮਾਰ, ਸੰਤੋਸ਼ ਕੁਮਾਰ ਸਮੇਤ ਮਗਨਰੇਗਾ ਸਟਾਫ, ਪੰਚਾਇਤੀ ਰਾਜ ਸਟਾਫ ਅਤੇ ਬੀ.ਡੀ.ਪੀ.ਓ.ਦਫਤਰੀ ਸਟਾਫ ਮੈਂਬਰ ਹਾਜਰ ਸਨ।



# ਜੰਗਲਾਤ ਵਰਕਰਜ ਯੂਨੀਅਨ ਵੱਲੋਂ ਜੰਗਲਾਤ ਮੰਤਰੀ ਦੇ ਹਲਕੇ ਅੰਦਰ ਰੋਸ ਰੈਲੀ 22 ਫਰਵਰੀ ਨੂੰ



ਫ਼ਗਵਾੜਾ (ਸੁਸ਼ੀਲ ਸ਼ਰਮਾ)
ਜੰਗਲਾਤ ਵਰਕਰਜ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਅਮਰੀਕ ਸਿੰਘ ਗੜਸ਼ੰਕਰ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸੌਜਾ ਨੇ ਦੱਸਿਆ ਕਿ ਮੀਟਿੰਗ ਵਿੱਚ ਜਥੇਬੰਦੀ ਦੇ ਪਿਛਲੇ ਸੰਘਰਸਾ ਸਬੰਧੀ ਬਾਰੇ ਰੀਵਿਊ ਕੀਤਾ ਗਿਆ, ਜਥੇਬੰਦੀ ਦੀ ਚੱਲ ਰਹੀ ਮੈਂਬਰਸ਼ਿਪ ਅਤੇ ਵੱਖ ਵੱਖ ਰੇਜਾਂ ਅਤੇ ਮੰਡਲ ਅਤੇ ਸਰਕਲ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਦੀ ਕਾਰਵਾਈ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਜਸਵੀਰ ਸਿੰਘ ਸੀਰਾ ਨੇ ਚਲਾਈ। ਜੰਗਲਾਤ ਵਰਕਰਜ ਯੂਨੀਅਨ ਦੇ 16 ਮਾਰਚ ਨੂੰ ਪਟਿਆਲਾ ਵਿਖੇ ਹੋ ਰਹੇ ਸੂਬਾ ਡੈਲੀਗੇਟ ਅਜਲਾਸ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਜਥੇਬੰਦੀ ਦੀ ਚੱਲ ਰਹੀ ਮੈਂਬਰਸ਼ਿਪ ਦੀ ਰਿਪੋਰਟ ਸੂਬੇ ਦੇ ਵਿੱਤ ਸਕੱਤਰ ਸਿਵ ਕੁਮਾਰ ਰੋਪੜ ਨੇ ਪੇਸ਼ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਰਣਜੀਤ ਗੁਰਦਾਸਪੁਰ,ਕੇਵਲ ਗੜਸ਼ੰਕਰ, ਸੁਖਦੇਵ ਜਲੰਧਰ,ਰਵੀਕਾਂਤ ਰੋਪੜ,ਸੁਲੱਖਣ ਮੋਹਾਲੀ ਅਤੇ ਅਮਨਦੀਪ ਛੱਤਬੀੜ ਚਿੜੀਆਘਰ ਨੇ ਕਿਹਾ ਕੀ ਜੰਗਲਾਤ ਕਾਮਿਆਂ ਦੀਆਂ ਰੁਕੀਆ ਤਨਖਾਹਾ ਸਮੇਤ ਹੋਰ ਜਾਇਜ਼ ਅਤੇ ਹੱਕੀ ਮੰਗਾਂ ਨੂੰ ਲੈ ਕੇ 22 ਫਰਵਰੀ ਨੂੰ ਜੰਗਲਾਤ ਵਰਕਰਜ ਯੂਨੀਅਨ ਵੱਲੋਂ ਜੰਗਲਾਤ ਮੰਤਰੀ ਦੇ ਹਲਕੇ ਅੰਦਰ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੀਟਿੰਗ ਨੂੰ ਵਿਸ਼ੇਸ਼ ਤੌਰ ਤੇ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਸੰਬੋਧਨ ਕਰਦਿਆਂ ਜੰਗਲਾਤ ਕਾਮਿਆਂ ਵਲੋਂ ਕੀਤੇ ਗਏ ਫੈਸਲਿਆਂ ਨੂੰ ਕਾਮਯਾਬ ਕਰਨ ਲਈ ਹਰ ਪ੍ਰਕਾਰ ਦਾ ਸਹਿਯੋਗ ਕਰਨ ਦਾ ਵਿਸ਼ਵਾਸ ਦਿਵਾਇਆ। ਮੀਟਿੰਗ ਵਿੱਚ ਸੇਰ ਸਿੰਘ ਸਰਹਿੰਦ,ਨਿਸਾਨ ਫਿਰੋਜ਼ਪੁਰ,ਰਵੀ ਕੁਮਾਰ ਬੁੱਟਾ ਸਿੰਘ ਲੁਧਿਆਣਾ,ਰਕੇਸ਼ ਕੁਮਾਰ ਪਠਾਨਕੋਟ,ਸੁਰਿੰਦਰ ਗੁਰਦਾਸਪੁਰ, ਭੁਵਿਸਨ ਲਾਲ,ਵਿਰਸਾ ਸਿੰਘ ਅਮ੍ਰਿਤਸਰ, ਬਲਵੀਰ ਤਰਨਤਾਰਨ,ਰਣਵੀਰ ਮੁਲੇਪੁਰ,ਕੁਲਵਿੰਦਰ ਢਿੱਲੋ ਰੋਪੜ, ਹਰਜੀਤ ਮੋਹਾਲੀ,ਸਤਨਾਮ ਸੰਗਰੂਰ,ਬੱਬੂ ਮਾਨਸਾ,ਬਿੰਦਰ ਰਾਮ ਫਿਲੌਰ,ਸੁਰਿੰਦਰਪਾਲ ਫਗਵਾੜਾ,ਕੁਲਵੰਤ ਸਿੰਘ ਨਕੋਦਰ, ਹਾਜ਼ਰ ਸਨ।

# ਡਾ.ਪ੍ਰੀਤ ਮੋਹਨ ਸਿੰਘ ਖੁਰਾਨਾ ਨੇ ਪੀ.ਐਚ. ਸੀ.ਘੜੂੰਆਂ ਦਾ ਅਹੁੱਦਾ ਸੰਭਾਲਿਆ



ਖਰੜ (ਕਾਲਾ ਸਿੰਘ ਸੈਣੀ )-ਨਗਰ ਘੜੂੰਆਂ ਦੇ ਪ੍ਰਾਇਮਰੀ ਹੈਲਥ ਸੈਂਟਰ ਵਿਖੇ ਡਾ.ਪ੍ਰੀਤ ਮੋਹਨ ਸਿੰਘ ਖੁਰਾਨਾ ਵਲੋਂ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਅਹੁੱਦਾ ਸੰਭਾਲ ਲਿਆ ਹੈ। ਪੀ.ਐਚ.ਸੀ.ਘੜੂੰਆਂ ਦੇ ਸਮੂਹ ਸਟਾਫ਼ ਵਲੋਂ ਉਨਾਂ ਨੂੰ ਦਾ ਨਿੱਘਾ ਸਵਾਗਤ ਕੀਤਾ ਗਿਆ। ਉਨਾਂ ਇਸ ਮੌਕੇ ਪੀ.ਐਚ.ਸੀ.ਘੜੂੰਆਂ ਦੇ ਮੁਲਾਜਮਾਂ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਲਈ ਕਿਹਾ। ਇਸ ਤੋਂ ਪਹਿਲਾ ਡਾ.ਪ੍ਰੀਤ ਮੋਹਨ ਸਿੰਘ ਖੁਰਾਨਾ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਵਿੱਚ ਸੇਵਾਵਾਂ ਨਿਭਾ ਰਹੇ ਸਨ। ਇਸ ਮੌਕੇ ਡਾ.ਪਰਮਿੰਦਰ ਸਿੰਘ ਭੱਟੀ,ਡਾ.ਸਰੋਜ,ਅਵਤਾਰ ਸਿੰਘ ਐਸ.ਆਈ.ਕੁਲਜੀਤ ਸਿੰਘ ਅਤੇ ਮਨਪ੍ਰੀਤ ਸਿੰਘ ਹਾਜ਼ਰ ਸਨ।

# ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ ਕੌਮਾਂਤਰੀ ਇਸਤਰੀ ਦਿਵਸ ਨੂੰ ਜਥੇਬੰਦਕ ਤੌਰ ਤੇ ਮਨਾਉਣ ਦਾ ਫੈਸਲਾ




ਫ਼ਗਵਾੜਾ (ਸੁਸ਼ੀਲ ਸ਼ਰਮਾ) ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾਈ ਮੀਟਿੰਗ ਸੂਬਾ ਸੀਨੀਅਰ ਮੀਤ ਪ੍ਰਧਾਨ ਕਮਲੇਸ਼ ਕੌਰ ਰੋਪੜ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਚਲਾਈ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਵਲੋਂ ਲਗਾਤਾਰ ਸੰਘਰਸ਼ ਕਰਨ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋਂ ਮਿੱਡ-ਡੇ-ਮੀਲ ਵਰਕਰਾਂ ਦੀ ਮੰਗਾਂ ਦਾ ਨਿਪਟਾਰਾ ਕਰਨ ਲਈ ਗੰਭੀਰਤਾ ਨਾ ਦਿਖਾਉਣ ਸੰਬੰਧੀ ਮਿੱਡ -ਡੇ-ਮੀਲ ਵਰਕਰਾਂ ਵਿੱਚ ਗੁੱਸਾ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸ.ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਨੇ ਤਿੰਨ ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਕੀਤੇ ਗਏ ਚੋਣ ਵਾਅਦੇ ਅਨੁਸਾਰਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਨਹੀਂ ਕੀਤਾ। ਇਹਨਾਂ ਵਰਕਰਾਂ ਨੂੰ ਰੈਗੂਲਰ ਕਰਨ ਤੋਂ ਵੀ ਪਾਸਾ ਵੱਟਿਆ ਜਾ ਰਿਹਾ ਹੈ। ਸਗੋਂ ਖਾਣਾ ਬਣਾਉਣ ਤੋਂ ਇਲਾਵਾ ਹੋਰ ਵਾਧੂ ਕੰਮ ਵੀ ਜਬਰੀ ਲਏ ਜਾ ਰਹੇ ਹਨ। ਇਸ ਲਈ ਮਿੱਡ ਡੇ ਮੀਲ ਵਰਕਰਾ ਅੰਦਰ ਰੋਸ ਪਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਅਗਲੇ ਸੰਘਰਸ਼ ਦੀ ਤਿਆਰੀ ਲਈ ਫਰਵਰੀ ਮਹੀਨੇ ਬਲਾਕ ਪੱਧਰੀ ਅਤੇ ਮਾਰਚ ਮਹੀਨੇ ਕੌਮਾਂਤਰੀ ਇਸਤਰੀ ਦਿਵਸ ਨੂੰ ਜਥੇਬੰਦਕ ਤੌਰ ਤੇ ਮਨਾਉਂਦੇ ਹੋਏ ਜ਼ਿਲ੍ਹਾ ਪੱਧਰੀ ਕਮੇਟੀਆਂ ਦਾ ਪੁਨਰਗਠਨ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ 08 ਮਾਰਚ ਨੂੰ ਜ਼ਿਲ੍ਹਾ ਪੱਧਰ ਤੇ ਭਰਵੇਂ ਇਕੱਠ ਕਰਕੇ ਜ਼ਿਲ੍ਹਾ ਕਮੇਟੀਆਂ ਦਾ ਪੁਨਰਗਠਨ ਕਰਨ ਦੇ ਨਾਲ-ਨਾਲ ਮਿੱਡ-ਡੇ-ਮੀਲ ਵਰਕਰਾਂ ਦੀਆਂ ਮੰਗਾਂ ਸਬੰਧੀ ਜ਼ਿਲ੍ਹਾ ਪੱਧਰ ਤੇ ਰੋਸ ਮੁਜ਼ਾਹਰੇ ਕੀਤੇ ਜਾਣਗੇ । ਇਸ ਤੋਂ ਬਾਅਦ ਅਗਲੀ ਮੀਟਿੰਗ ਕਰਕੇ ਮਈ ਦੇ ਦੂਜੇ ਹਫ਼ਤੇ ਵਿੱਚ ਜਥੇਬੰਦੀ ਦੀ ਸੂਬਾ ਪੱਧਰੀ ਜਥੇਬੰਦਕ ਕਨਵੈਨਸ਼ਨ ਆਯੋਜਿਤ ਕੀਤੀ ਜਾਵੇਗੀ। ਇਸ ਉਲੀਕੇ ਗਏ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਵੱਖ ਵੱਖ ਜ਼ਿਲ੍ਹਿਆਂ ਲਈ ਵੱਖ-ਵੱਖ ਆਗੂਆਂ ਦੀਆਂ ਡਿਊਟੀਆਂ ਵੀ ਲਗਾ ਦਿੱਤੀਆਂ ਗਈਆਂ ਹਨ। ਮੀਟਿੰਗ ਵਿੱਚ ਰੋਸ ਪ੍ਰਗਟ ਕੀਤਾ ਗਿਆ ਕਿ ਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਕੀਤੇ ਚੋਣ ਵਾਅਦੇ ਅਨੁਸਾਰ ਦੁਗਣਾ ਨਹੀਂ ਕੀਤਾ ਗਿਆ,ਰੈਗੂਲਰ ਕਰਨ ਲਈ ਕੋਈ ਯਤਨ ਨਹੀਂ ਕੀਤੇ ਗਏ,ਗੁਆਂਢੀ ਸੂਬੇ ਹਰਿਆਣਾ ਦੇ ਬਰਾਬਰ 6500/-ਰੁਪਏ ਮਹੀਨਾ ਮਾਣ ਭੱਤਾ ਦੇਣ ਲਈ ਗੰਭੀਰਤਾ ਨਹੀਂ ਦਿਖਾਈ ਜਾ ਰਹੀ, ਵਰਕਰਾਂ ਦਾ ਮੁਫ਼ਤ ਪੰਜ ਲੱਖ ਰੁਪਏ ਦਾ ਬੀਮਾ ਨਹੀਂ ਕੀਤਾ ਜਾ ਰਿਹਾ,ਸਾਲ ਦੌਰਾਨ ਦੋ ਵਰਦੀਆਂ ਨਹੀਂ ਦਿੱਤੀਆਂ ਜਾ ਰਹੀਆਂ,ਹਰ 25 ਬੱਚਿਆਂ ਪਿੱਛੇ ਇੱਕ ਹੋਰ ਵਾਧੂ ਵਰਕਰ ਨਹੀਂ ਰੱਖੀ ਜਾ ਰਹੀ, ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ ਮਿੱਡ-ਡੇ-ਮੀਲ ਵਰਕਰਾਂ ਨੂੰ 18000/- -ਰੁਪਏ ਮਹੀਨਾ ਮਿਹਨਤਾਨਾ ਦੇਣ ਲਈ ਵੀ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ,ਮਿੱਡ-ਡੇ-ਮੀਲ ਵਰਕਰਾਂ ਤੋਂ ਜ਼ਬਰੀ ਹੋਰ ਵਾਧੂ ਕੰਮ ਲੈਣੇ ਬੰਦ ਨਹੀਂ ਕੀਤੇ ਜਾ ਰਹੇ,ਸਰਵਿਸ ਬੁੱਕਾਂ ਨਹੀਂ ਲਗਾਈਆਂ ਜਾ ਰਹੀਆਂ,ਪਛਾਣ ਪੱਤਰ ਜਾਰੀ ਨਹੀਂ ਕੀਤੇ ਜਾ ਰਹੇ, ਇਸ ਸਮੇਂ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਜਸਵਿੰਦਰ ਕੌਰ ਟਾਹਲੀ ਵਿੱਤ ਸਕੱਤਰ ਪ੍ਰਵੀਨ ਕੌਰ ਫ਼ਤਿਹਗੜ੍ਹ ਸਾਹਿਬ, ਕਮਲਜੀਤ ਕੌਰ ਹੁਸ਼ਿਆਰਪੁਰ,ਮਮਤਾ ਸੈਦਪੁਰ ਪ੍ਰਧਾਨ ਕਪੂਰਥਲਾ,ਕਮਲੇਸ਼ ਕੌਰ ਪ੍ਰਧਾਨ ਰੋਪੜ,ਰਿੰਪੀ ਰਾਣੀ ਪ੍ਰਧਾਨ ਨਵਾਂ ਸ਼ਹਿਰ, ਸੰਤੋਸ਼ ਪਾਸ਼ੀ ਪ੍ਰਧਾਨ ਪਠਾਨਕੋਟ,ਜਸਵੀਰ ਕੌਰ ਪ੍ਰਧਾਨ ਲੁਧਿਆਣਾ,ਇਕਬਾਲ ਕੌਰ ਪ੍ਰਧਾਨ ਪਟਿਆਲਾ, ਗੁਰਜੀਤ ਕੌਰ ਮਨਜੀਤ ਕੌਰ,ਕੁਲਵਿੰਦਰ ਕੌਰ ਮੋਹਾਲੀ,ਜਸਵੀਰ ਕੌਰ ਤਾਰਨਤਾਰਨ,ਹਰਮੇਸ਼ ਕੌਰ ਅਨੰਦਪੁਰ ਸਾਹਿਬ, ਸਿਮਰਨਜੀਤ ਕੌਰ ਪਾਸਲਾ,ਚਰਨਜੀਤ ਕੌਰ ਮਾਹਲ,ਸਿਮਲਜੀਤ ਕੌਰ ਫਰੀਦਕੋਟ ਅਤੇ ਮਨਜੀਤ ਕੌਰ ਤੋਂ ਇਲਾਵਾ ਮਿੱਡ -ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾਸਲਾਹਕਾਰ ਅਤੇ ਪ.ਸ.ਸ. ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਕੁਲਦੀਪ ਸਿੰਘ ਕੌੜਾ ਵੀ ਸ਼ਾਮਲ ਸਨ।

# ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ ਕਲਮਾਂ ਦੇ ਵਾਰ ਸਾਹਿਤਕ ਮੰਚ ਵੱਲੋਂ ਕਰਵਾਇਆ ਸਾਹਿਤਕ ਅਤੇ ਪੁਸਤਕ ਲੋਕ ਅਰਪਣ ਸਮਾਗਮ

ਕਲਮਾਂ ਦੇ ਵਾਰ ਸਾਹਿਤਕ ਮੰਚ ਵੱਲੋਂ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਸਮਰਪਿਤ ਸ.ਜੱਸੀ ਧਰੌੜ ਸਾਹਨੇਵਾਲ ਸਰਪ੍ਰਸਤ ( ਕਲਮਾਂ ਦੇ ਵਾਰ ਸਾਹਿਤਕ ਮੰਚ), ਸੰਪਾਦਕ ਸ੍ਰ ਰਣਬੀਰ ਸਿੰਘ ਪ੍ਰਿੰਸ, ਸਹਿ ਸੰਪਾਦਕ ਸ੍ਰ ਅਵਤਾਰ ਸਿੰਘ ਬਾਲੇਵਾਲ , ਸ੍ਰ ਕੁਲਦੀਪ ਸਿੰਘ ਦੀਪ (ਸਾਦਿਕ ਪਬਲੀਕੇਸ਼ਨਜ਼) ਦੇ ਵੱਲੋਂ ਸਰਕਾਰੀ ਮਿਡਲ ਸਕੂਲ ਬੇਗੋਵਾਲ (ਮਲੇਰਕੋਟਲਾ) ਵਿਖੇ ਸਾਂਝਾ ਕਾਵਿ ਸੰਗ੍ਰਹਿ ਪੰਜਾਬ ਬੋਲਦਾ ਦੇ ਲੋਕ -ਅਰਪਣ ਸਮਾਗਮ ਜਿਸ ਵਿੱਚ ਮੁੱਖ ਮਹਿਮਾਨ ਸ੍ਰ ਹਰਜੀਤ ਸਿੰਘ ਸੱਧਰ, ਵਿਸ਼ੇਸ਼ ਮਹਿਮਾਨ ਡਾ.ਟਿੱਕਾ ਜੇ.ਐਸ. ਸਿੱਧੂ , ਜਨਾਬ ਮੁਹੰਮਦ ਅਸਗਰ ਬੀ.ਐੱਨ.ਓ.ਮਲੇਰਕੋਟਲਾ, ਸਰਪੰਚ ਸ੍ਰ ਅਵਤਾਰ ਸਿੰਘ ਤਾਰੀ,ਸ੍ਰ.ਪ੍ਰੀਤਮ ਸਿੰਘ ਜੀ ਰਾਸ਼ਟਰਪਤੀ ਐਵਾਰਡੀ, ਸਾਬਕਾ ਸਰਪੰਚ ਜੰਗਦੀਨ, ਅਤੇ ਪੰਜਾਬ ਦੇ ਨਾਮਵਰ ਲੇਖਕਾਂ ਨੇ ਪੰਜਾਬ ਦੇ ਕੋਨੇ- ਕੋਨੇ ਤੋਂ ਸ਼ਮੂਲੀਅਤ ਕੀਤੀ, ਆਪਣੀ ਪੇਸ਼ਕਾਰੀ ਕੀਤੀ, ਇਸ ਮੌਕੇ,ਸੁਰਿੰਦਰ ਕੌਰ ਸਰਾਏ, ਬਲਜੀਤ ਕੌਰ ਸਿੱਧੂ,ਡਾ ਮਨਪ੍ਰੀਤ ਕੌਰ ਸੰਗਰੂਰ,ਮਨਪ੍ਰੀਤ ਕੌਰ ਉਗਰਾਹਾਂ, ਜਸਪ੍ਰੀਤ ਕੌਰ ਜੱਸ, ਬਲਜਿੰਦਰ ਕੌਰ, ਕਿਰਨਦੀਪ ਕੌਰ, ਰੇਖਾ ਦੇਵੀ, ਰੇਨੂੰ ਦੇਵੀ ਪਠਾਨਕੋਟ , ਹਰਜਿੰਦਰ ਕੌਰ, ਬਸੰਤ ਕੌਰ, ਗਗਨਦੀਪ ਕੌਰ, ਸਤਵੀਰ ਕੌਰ,ਅਮਰਜੀਤ ਕੌਰ ਬਡਰੁੱਖਾਂ, ਪ੍ਰੋ.ਬੀਰਇੰਦਰ ਸਰਾਂ, ਲਖਵਿੰਦਰ ਸਿੰਘ, ਜਗਦੀਪ ਸਿੰਘ ਜੇਦੀਪ, ਗਗਨਦੀਪ ਸਿੰਘ ਸੰਧੂ ਫਾਜ਼ਿਲਕਾ,ਆਸਿਫ਼ ਅਲੀ ਮਹਿੰਦਰੂ, ਪੱਤਰਕਾਰ ਮੱਖਣ ਸਿੰਘ ਮੈਂਬਰ ਸ਼ਾਹਪੁਰ ਕਲਾਂ, ਕੁਲਵਿੰਦਰ ਸਿੰਘ ਨਾਤੂ, ਰੁਪਿੰਦਰ ਸਿੰਘ ਨਿਵਾਹੂ , ਦਵਿੰਦਰ ਮਾਹਲ , ਲਖਵਿੰਦਰ ਸਿੰਘ, ਸੁਰੇਸ਼ ਜੈਨ, ਨਰੇਸ਼ ਕੁਮਾਰ, ਗੁਰਦੀਪ ਸਿੰਘ ਮੁੱਲਾਂਪੁਰ, ਗਗਨ ਫੂਲ, ਰਜਿੰਦਰ ਸਿੰਘ ਸਰਾਂਵਾਂ, ਰਾਮਫਲ ਸਿੰਘ, ਪਰਮਿੰਦਰ ਸਿੰਘ,ਬਾਲ ਕਵੀ, ਅਮਰਪ੍ਰੀਤ ਕੌਰ,ਗੀਤਾ, ਮਨਵੀਰ ਕੌਰ, ਹਰਸ਼ਪ੍ਰੀਤ ਸਿੰਘ, ਸਹਿਜਪ੍ਰੀਤ ਸਿੰਘ, ਹਰਨੂਰ ਸਿੰਘ ਸੁਖਮਨਜੋਤ ਸਿੰਘ, ਆਦਿ ਸ਼ਾਮਿਲ ਹੋਏ। ਇਸ ਦੇ ਨਾਲ ਹੀ ਸ੍ਰ ਜਗਵੀਰ ਸਿੰਘ ਗਾਗਾ ਦਾ ਨਾਵਲ ਅਣਸਮਝੀ ਔਰਤ, ਸ੍ਰੀਮਤੀ ਗੁਰਬਖਸ਼ ਕੌਰ ਕਨੇਡਾ ਦੀ ਵੀਰਾਨ ਦੁਨੀਆਂ ਸ੍ਰ ਕੁਲਦੀਪ ਸਿੰਘ ਦੀਪ ਦੀ ਪਲੇਠੀ ਕਿਤਾਬਗੁਆਚੀ ਧਰਤ ਲੋਕ ਅਰਪਣ ਕੀਤੀਆਂ। ਇਸ ਦੇ ਨਾਲ ਹੀ ਕਵੀ ਦਰਬਾਰ, ਬਾਲ ਕਵੀ ਦਰਬਾਰ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਸ਼ਮੂਲੀਅਤ ਕਰਨ ਵਾਲੇ ਕਵੀਆਂ ਦਾ ਸਨਮਾਨ ਕੀਤਾ ਗਿਆ। ਸਮਾਗਮ ਪੂਰੇ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ।ਇਹ ਪਹਿਲੀ ਵਾਰ ਹੈ ਕਿ ਕਲਮਾਂ ਦੇ ਵਾਰ ਸਾਹਿਤਕ ਮੰਚ ਵੱਲੋਂ ਇੱਕੋ ਸਮੇਂ ਚਾਰ ਕਿਤਾਬਾਂ ਦਾ ਲੋਕ ਅਰਪਣ ਕੀਤਾ ਗਿਆ।ਜੋ ਕਿ ਮੰਚ ਲਈ ਬੜੇ ਮਾਣ ਵਾਲੀ ਗੱਲ ਹੈ।




ਰਣਬੀਰ ਸਿੰਘ ਪ੍ਰਿੰਸ
ਆਫ਼ਿਸਰ ਕਾਲੋਨੀ ਸੰਗਰੂਰ

# ਐਸਸੀਡੀ ਸਰਕਾਰੀ ਕਾਲਜ ਵਿੱਚ ਤਿੰਨ ਰੋਜ਼ਾ ਨਵੀਨਤਾਕਾਰੀ ਮੋਬਾਈਲ ਪੱਤਰਕਾਰੀ ਅਤੇ ਵਾਤਾਵਰਣ ਫਿਲਮ ਨਿਰਮਾਣ (ਮੋਜੋ) ਵਰਕਸ਼ਾਪ ਦਾ ਆਯੋਜਨ

ਲੁਧਿਆਣਾ( ਸੁਖਚੈਨ ਮਹਿਰਾ) ਬਹੁਤ ਉਡੀਕੀ ਜਾ ਰਹੀ ਮੋਬਾਈਲ ਜਰਨਲਿਜ਼ਮ ਐਂਡ ਇਨਵਾਇਰਨਮੈਂਟਲ ਫਿਲਮਮੇਕਿੰਗ (ਮੋਜੋ) ਵਰਕਸ਼ਾਪ ਅੱਜ ਐਸ.ਸੀ.ਡੀ. ਸਰਕਾਰੀ ਕਾਲਜ ਲੁਧਿਆਣਾ ਵਿਖੇ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ 10 ਕਾਲਜਾਂ ਦੇ 50 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਵਾਤਾਵਰਣ ਸਿੱਖਿਆ ਪ੍ਰੋਗਰਾਮ (55♦) 2024-25 ਦੇ ਤਹਿਤ ਆਯੋਜਿਤ, ਇਹ ਵਰਕਸ਼ਾਪ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ($®56×33), ਭਾਰਤ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਹੈ ਅਤੇ

ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ (♦♥3♥“), 3$♥ ਵਾਤਾਵਰਣ, ਅਤੇ ©♥♥ ਯੂਨਿਟ ਅਤੇ ♥34 ਸਰਕਾਰੀ ਕਾਲਜ ਦੇ ਈਕੋ ਕਲੱਬ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਇਹ ਤਿੰਨ-ਰੋਜ਼ਾ ਵਰਕਸ਼ਾਪ ਨੌਜਵਾਨ ਕਹਾਣੀਕਾਰਾਂ ਨੂੰ ਪ੍ਰਭਾਵਸ਼ਾਲੀ ਵਾਤਾਵਰਣਕ ਬਿਰਤਾਂਤ ਬਣਾਉਣ ਅਤੇ ਟਿਕਾਊ ਤਬਦੀਲੀ ਦੀ ਵਕਾਲਤ ਕਰਨ ਦੇ ਹੁਨਰਾਂ ਨਾਲ ਲੈਸ ਕਰਨ ਲਈ ਤਿਆਰ ਕੀਤੀ ਗਈ ਹੈ।

ਉਦਘਾਟਨੀ ਸੈਸ਼ਨ ਇੱਕ ਪੌਦੇ ਨੂੰ ਪਾਣੀ ਦੇਣ ਦੇ ਪ੍ਰਤੀਕ ਸੰਕੇਤ ਦੁਆਰਾ ਚਿੰਨ੍ਹਿਤ ਕੀਤਾ ਗਿਆ ਸੀ, ਵਿਕਾਸ ਅਤੇ ਵਾਤਾਵਰਣ ਦੀ ਜ਼ਿੰਮੇਵਾਰੀ ਨੂੰ ਦਰਸਾਉਂਦਾ ਹੈ। ਮੰਚ ਤੇ ਮੌਜੂਦ ਪਤਵੰਤਿਆਂ ਵਿੱਚ ਮੁੱਖ ਮਹਿਮਾਨ ਡਾ: ਕੁਲਬੀਰ ਸਿੰਘ ਬਾਠ (ਸੰਯੁਕਤ ਡਾਇਰੈਕਟਰ, ਪੀਐਸਸੀਐਸਟੀ), ਡਾ: ਸੁਮਨ ਲਤਾ, (ਪ੍ਰਿੰਸੀਪਲ, ਐਸ.ਸੀ.ਡੀ. ਸਰਕਾਰੀ ਕਾਲਜ), ਡਾ: ਪੂਨਮ ਮਹਾਜਨ (ਡੀਨ, ਸਾਇੰਸ ਫੈਕਲਟੀ, ਐਸ.ਸੀ.ਡੀ. ਸਰਕਾਰੀ ਕਾਲਜ) ਅਤੇ ਸ਼੍ਰੀ ਸੰਭਿਆਸਾਚੀ ਭਾਰਤੀ (ਡਿਪਟੀ ਇਨਵਾਇਰਮੈਂਟ, ਸੀ.ਐਮ.ਐਸ.ਟੀ.) ਸ਼ਾਮਲ ਸਨ।

ਆਪਣੇ ਕੁੰਜੀਵਤ ਭਾਸ਼ਣ ਵਿੱਚ, ਡਾ. ਕੁਲਬੀਰ ਸਿੰਘ ਬਾਠ (ਉਸੇ ਕਾਲਜ ਦੇ ਸਾਬਕਾ ਵਿਦਿਆਰਥੀ, 1987 ਬੈਚ) ਨੇ ਵਿਦਿਆਰਥੀਆਂ ਨੂੰ ਸਥਾਨਕ ਮੁੱਦਿਆਂ ਨੂੰ ਹੱਲ ਕਰਨ ਲਈ ਆਪਣੀ ਰਚਨਾਤਮਕਤਾ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ। ਉਸਨੇ ਕਿਹਾ, ਲੁਧਿਆਣਾ ਦੀਆਂ ਆਪਣੀਆਂ ਵਿਲੱਖਣ ਵਾਤਾਵਰਣ ਚੁਣੌਤੀਆਂ ਹਨ, ਅਤੇ ਨੌਜਵਾਨ ਕਹਾਣੀਕਾਰਾਂ ਦੇ ਰੂਪ ਵਿੱਚ, ਤੁਹਾਡੇ ਕੋਲ ਆਪਣੇ ਵਾਤਾਵਰਣ ਦੀਆਂ ਅਸਲ ਕਹਾਣੀਆਂ ਨੂੰ ਦਸਤਾਵੇਜ਼ੀ ਰੂਪ ਦੇਣ ਅਤੇ ਅਰਥਪੂਰਨ ਤਬਦੀਲੀ ਲਿਆਉਣ ਲਈ ਆਪਣੇ ਮੋਬਾਈਲ ਫੋਨ ਦੀ ਵਰਤੋਂ ਕਰਨ ਦੀ ਸ਼ਕਤੀ ਹੈ।

ਪ੍ਰਿੰਸੀਪਲ ਸੁਮਨ ਲਤਾ ਗੁਪਤਾ ਨੇ ਵਰਕਸ਼ਾਪ ਨੂੰ ਕਾਲਜ ਦੇ ਸੰਪੂਰਨ ਸਿੱਖਿਆ ਦੇ ਦ੍ਰਿਸ਼ਟੀਕੋਣ ਨਾਲ ਜੋੜਨ 'ਤੇ ਜ਼ੋਰ ਦਿੱਤਾ। ਉਸਨੇ ਟਿੱਪਣੀ ਕੀਤੀ, ਸਾਨੂੰ ਇਸ ਪਹਿਲਕਦਮੀ ਦੀ ਮੇਜ਼ਬਾਨੀ ਕਰਨ ਲਈ ਸਨਮਾਨਿਤ ਕੀਤਾ ਗਿਆ ਹੈ, ਜੋ ਵਿਦਿਆਰਥੀਆਂ ਨੂੰ ਉਹਨਾਂ ਦੀ ਅਕਾਦਮਿਕ ਅਤੇ ਸਮਾਜਿਕ ਜ਼ਿੰਮੇਵਾਰੀ ਦੋਵਾਂ ਨੂੰ ਮਜ਼ਬੂਤ ਕਰਦੇ ਹੋਏ, ਵਾਤਾਵਰਣ ਸੰਬੰਧੀ ਮੁੱਦਿਆਂ ਤੇ ਰਿਪੋਰਟ ਕਰਨ ਲਈ ਸੰਦ



ਪ੍ਰਦਾਨ ਕਰਦਾ ਹੈ।

ਸ਼੍ਰੀ ਸੰਭਯਾਸਾਚੀ ਭਾਰਤੀ ਨੇ ♦♥3♥“ ਦੇ ਨਾਲ 3$♥ ਵਟਾਵਰਨ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਭਾਈਵਾਲੀ ਅਤੇ ਨੌਜਵਾਨਾਂ ਨੂੰ ਵਾਤਾਵਰਨ ਨੇਤਾਵਾਂ ਵਜੋਂ ਸਸ਼ਕਤ ਕਰਨ ਦੇ ਉਹਨਾਂ ਦੇ ਸਾਂਝੇ ਮਿਸ਼ਨ ਨੂੰ ਉਜਾਗਰ ਕੀਤਾ। ਉਸਨੇ ਕਿਹਾ, ਸੀਐਮਐਸ ਵਟਾਵਰਨ ਵਾਤਾਵਰਣ ਸੰਭਾਲ ਅਤੇ ਨੌਜਵਾਨ ਲੀਡਰਸ਼ਿਪ ਨੂੰ ਪਾਲਣ ਲਈ ਵਚਨਬੱਧ ਹੈ। ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਰਾਹੀਂ, ਅਸੀਂ ਨੌਜਵਾਨਾਂ ਦੇ ਦਿਮਾਗਾਂ ਨੂੰ ਪ੍ਰਭਾਵਸ਼ਾਲੀ ਵਾਤਾਵਰਣਕ ਕਹਾਣੀਆਂ ਦੱਸਣ ਲਈ ਸਾਧਨਾਂ ਨਾਲ ਲੈਸ ਕਰਦੇ ਹਾਂ ਜੋ ਤਬਦੀਲੀ ਨੂੰ ਪ੍ਰੇਰਿਤ ਕਰਦੇ ਹਨ। ਅਸੀਂ ♦♥3♥“ ਅਤੇ $®56×33 ਉਹਨਾਂ ਦੇ ਲਗਾਤਾਰ ਸਮਰਥਨ ਲਈ ਧੰਨਵਾਦ ਕਰਦੇ ਹਾਂ ਅਤੇ ਇਸ ਸਹਿਯੋਗ ਨੂੰ ਨਵੀਆਂ ਉਚਾਈਆਂ ਤੱਕ ਵਧਾਉਣ ਦੀ ਉਮੀਦ ਕਰਦੇ ਹਾਂ। ,

ਵਰਕਸ਼ਾਪ ਦੇ ਪਹਿਲੇ ਦਿਨ ਮੋਬਾਈਲ ਪੱਤਰਕਾਰੀ, ਵਾਤਾਵਰਣਕ ਕਹਾਣੀ ਸੁਣਾਉਣ ਅਤੇ ਨੈਤਿਕ ਰਿਪੋਰਟਿੰਗ ਦੀਆਂ ਬੁਨਿਆਦੀ ਗੱਲਾਂ ਨੂੰ ਕਵਰ ਕਰਨ ਵਾਲੇ ਇੰਟਰਐਕਟਿਵ ਸੈਸ਼ਨ ਸ਼ਾਮਲ ਸਨ। ਇਸ ਵਰਕਸ਼ਾਪ ਦੌਰਾਨ ਜੋਸ਼ ਭਰੀ ਭਾਗੀਦਾਰੀ ਅਤੇ ਜੀਵੰਤ ਵਿਚਾਰ-ਵਟਾਂਦਰੇ ਦੇ ਨਾਲ, ਸ਼ੁਰੂਆਤੀ ਦਿਨ ਨੇ ਵਾਤਾਵਰਣ ਦੀ ਵਕਾਲਤ ਅਤੇ ਟਿਕਾਊ ਵਿਕਾਸ ਲਈ ਵਚਨਬੱਧ ਕਹਾਣੀਕਾਰਾਂ ਦੀ ਇੱਕ ਪੀੜ੍ਹੀ ਨੂੰ ਉਤਸ਼ਾਹਿਤ ਕਰਦੇ ਹੋਏ ਅਗਲੇ ਦੋ ਦਿਨਾਂ ਦੀ ਸਿੱਖਣ ਅਤੇ ਸਹਿਯੋਗ ਲਈ ਸੁਰ ਤੈਅ ਕੀਤੀ। ਵਰਕਸ਼ਾਪ ਦੇ ਦੂਜੇ ਦਿਨ ਵਿਵਹਾਰਕ ਪੱਧਰ ਤੇ ਵੀਡੀਓ ਸ਼ੂਟਿੰਗ ਤਕਨੀਕਾਂ ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ ਜੋ ਭਾਗੀਦਾਰਾਂ ਨੂੰ ਸਮੱਗਰੀ ਦੇ ਸੰਕਲਨ ਵਿੱਚ ਮਦਦ ਕਰੇਗਾ।

# 40ਵਾਂ ਸ਼ਹੀਦ ਭਗਤ ਸਿੰਘ ਯਾਦਗਾਰੀ ਟੂਰਨਾਮੈਂਟ ਸਫਲਤਾਪੂਰਵਕ ਸੰਪੰਨ



ਬਰਨਾਲਾ,(ਲੋਕ ਬਾਣੀ): ਸਵ: ਮਾਸਟਰ ਨਿਰਮਲ ਸਿੰਘ ਨਿੰਮਾ ਦੀ ਯਾਦ ਨੂੰ ਸਮਰਪਿਤ ਸ਼ਹੀਦ ਭਗਤ ਸਿੰਘ ਯੂਥ ਸਪੋਰਟਸ ਕਲੱਬ ਧਨੌਲਾ ਵੱਲੋਂ ਕਰਵਾਇਆ ਗਿਆ 40ਵਾਂ ਸ਼ਹੀਦ ਭਗਤ ਸਿੰਘ ਯਾਦਗਾਰੀ ਟੂਰਨਾਮੈਂਟ ਸਫਲਤਾ ਪੂਰਵਕ ਸੰਪੰਨ ਹੋ ਗਿਆ ਹੈ। ਸ਼ਹੀਦ ਭਗਤ ਸਿੰਘ ਸਟੇਡੀਅਮ ਪੱਕਾ ਬਾਗ ਧਨੌਲਾ ਮੰਡੀ ਵਿਖੇ ਕਰਵਾਏ ਗਏ ਇਸ ਟੂਰਨਾਮੈਂਟ ਦੌਰਾਨ ਇਲਾਕੇ ਦੀਆਂ ਰਾਜਨੀਤਿਕ, ਸਮਾਜਸੇਵੀ ਅਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕਰਨ ਲਈ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਜਾਗਰ ਸਿੰਘ ਢਿੱਲੋਂ ਅਤੇ ਲਖਵੀਰ ਸਿੰਘ ਨਹਿਲ ਨੇ ਦੱਸਿਆ ਕਿ ਕਬੱਡੀ 42 ਕਿੱਲੋ ਵਿੱਚ ਭੂੰਦੜ ਤੇ ਢੈਪਈ, 52 ਕਿੱਲੋ ਵਿੱਚ ਧਨੌਲਾ ਤੇ ਗਿੱਦੜਵਿੰਡੀ, 65 ਕਿੱਲੋ ਵਿੱਚ ਪੈਰੋ ਤੇ ਲਾਲਬਾਈ, ਕਬੱਡੀ ਓਪਨ ਵਿੱਚ ਧਨੌਲਾ ਤੇ ਧੌਲਾ ਕੇ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕੀਤਾ। ਬਲਵਿੰਦਰ ਸਿੰਘ ਜੱਸੜਵਾਲੀਆ ਤੇ ਗੁਰਵਿੰਦਰ ਸਿੰਘ ਕੋਚ, ਬੌਕਸਰ ਨੇ ਦੱਸਿਆ ਕਿ ਬਾਸਕਟਬਾਲ ਵਿੱਚ ਲੁਧਿਆਣਾ ਅਕੈਡਮੀ ਨੇ ਪਹਿਲਾ ਤੇ ਏਸੀਐਸ ਆਰਮੀ ਦਿੱਲੀ ਨੇ ਦੂਜਾ ਸਥਾਨ ਹਾਸਲ ਕੀਤਾ। ਅਟੱਲ ਕੁਮਾਰ ਗੌੜ ਤੇ ਸੁਖਦੇਵ ਸਿੰਘ ਮਿੱਠੂ ਮਾਨ ਨੇ ਦੱਸਿਆ ਵਾਲੀਬਾਲ ਸ਼ਮੈਸ਼ਿੰਗ ਵਿੱਚ ਭੈਣੀ ਜੱਸਾ ਨੇ ਪਹਿਲਾ ਤੇ ਰੂੜੇਕੇ ਕਲਾਂ ਨੇ ਦੂਜ ਸਥਾਨ ਹਾਸਲ ਕੀਤਾ। ਗੁਰਮੇਲ ਸਿੰਘ ਸਾਬਕਾ ਏਈਓ ਤੇ ਗੁਰਮੇਲ ਸਿੰਘ ਨੀਟੂ ਨੇ ਦੱਸਿਆ ਕਿ ਫੁੱਟਬਾਲ ਵਿੱਚ ਭੱਠਲਾਂ ਨੇ ਪਹਿਲਾ ਤੇ ਧਨੌਲਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਟੂਰਨਾਮੈਂਟ ਕਮੇਟੀ ਵੱਲੋਂ ਸਹਿਯੋਗ ਦੇਣ ਲਈ ਗੁਰਦੁਆਰਾ ਰਾਮਸਰ ਸਾਹਿਬ ਪ੍ਰਬੰਧਕ ਕਮੇਟੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਮੁੱਖ ਸਰਪ੍ਰਸਤ ਨਿਰਮਲ ਸਿੰਘ ਗਿੱਲ ਯੂਐਸਏ, ਭਗਵੰਤ ਸਿੰਘ ਪੰਧੇਰ ਪ੍ਰਧਾਨ, ਅਮਰੀਕ ਸਿੰਘ ਔਲਖ, ਬੂਟਾ ਕੰਗ, ਪਿਜੌਰ ਸਿੰਘ ਜੇਈ, ਸੁਖਰਾਜ ਸਿੰਘ ਪੰਧੇਰ, ਅਮਰਜੀਤ ਨੱਤ, ਸੁਰਜੀਤ ਸਿੰਘ ਸੀਤਾ, ਵਰਿੰਦਰ ਵਾਲੀਆ, ਪਿੰਟਾ ਵਾਲੀਆ, ਪ੍ਰਿੰਸਪਾਲ ਦਾਨਗੜ੍ਹੀਆ, ਸੇਵਾ ਸਿੰਘ ਰਾਜੀਆ, ਹਰਜੀਤ ਸਿੰਘ ਦੁਗਾਲ ਯੂਐਸਏ, ਸੁਖਦਰਨ ਸਿੰਘ ਰੂਪੀ ਯੂਐਸਏ, ਮਾਸਟਰ ਹਰਭਜਨ ਸਿੰਘ ਭਜੋ, ਮਾਸਟਰ ਕੈਲਾਸ਼ ਚੰਦ ਸਮੇਤ ਸਮੂਹ ਕਲੱਬ ਮੈਂਬਰ ਮੌਜੂਦ ਸਨ।

# ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਵੱਡੀ ਕਾਰਵਾਈ ਕਰਦਿਆਂ ਪਿੰਡ ਹਰੀਪੁਰ, ਤਹਿਸੀਲ ਦੀਨਾਨਗਰ ਵਿਖੇ ਬਣੀ ਅਣ-ਅਧਿਕਾਰਤ ਕਲੋਨੀ ਉੱਪਰ ਚਲਾਇਆ ਪੀਲਾ ਪੰਜਾ

ਦੀਨਾਨਗਰ ( ਡਾ.ਰਮੇਸ਼ ਸਰੰਗਲ ) - ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਪਹਿਲਾਂ ਵੀ ਅਣ-ਅਧਿਕਾਰਤ ਕਲੋਨੀਆਂ ਨੂੰ ਸਮੇਂ-ਸਮੇਂ ਤੇ ਪਾਪਰਾ ਐਕਟ 1995 ਦੀ ਉਲੰਘਣਾ ਤਹਿਤ ਨੋਟਿਸ ਜਾਰੀ ਕੀਤੇ ਗਏ ਅਤੇ ਡਿਮੋਲਿਸ ਕੀਤਾ ਗਿਆ ਹੈ।

ਜ਼ਿਲ੍ਹਾ ਪ੍ਰਸ਼ਾਸਨ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ਼੍ਰੀ ਵਿਜੈ ਕੁਮਾਰ, ਡਿਊਟੀ ਮੈਜਿਸਟਰੇਟ ਦੀ ਨਿਗਰਾਨੀ ਹੇਠ ਸ਼੍ਰੀ ਪੁਨੀਤ ਡਿਗਰਾ, ਸਹਾਇਕ ਨਗਰ ਯੋਜਨਾਕਾਰ, ਸ਼੍ਰੀ ਦਵਿੰਦਰਪਾਲ ਸਿੰਘ, ਜੂਨੀਅਰ ਇੰਜੀਨੀਅਰ, ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਵੱਲੋਂ ਬੀਤੇ ਕੱਲ੍ਹ ਵੱਡੀ ਕਾਰਵਾਈ ਕਰਦਿਆਂ ਪਿੰਡ ਹਰੀਪੁਰ, ਦੀਨਾਨਗਰ ਵਿਖੇ ਪਾਪਰਾ ਐਕਟ 1995 ਦੀ ਉਲੰਘਣਾ ਕਰਦੇ ਹੋਏ ਹੋਂਦ ਵਿੱਚ ਲਿਆਂਦੀ ਅਣ-ਅਧਿਕਾਰਤ ਕਲੋਨੀ ਨੂੰ ਢਾਹ ਦਿੱਤਾ ਗਿਆ।




ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਹਰੀਪੁਰ, ਦੀਨਾਨਗਰ ਵਿਖੇ ਵਿਕਸਿਤ ਕੀਤੀ ਗਈ ਅਣ-ਅਧਿਕਾਰਤ ਕਲੋਨੀ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਕੇ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।

ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੇ ਇਹ ਵੀ ਸਪਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲ੍ਹਾ ਗੁਰਦਾਸਪੁਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈੱਕ ਕਰਦੇ ਹੋਏ ਸਬੰਧਿਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਿਤ ਥਾਣਾ ਅਫ਼ਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।

ਇਸ ਮੌਕੇ ਉਨ੍ਹਾਂ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਸਰਕਾਰ ਤੋਂ ਮੰਨਜੂਰਸ਼ੁਦਾ ਨਹੀਂ ਹਨ, ਵਿੱਚ ਪਲਾਟ ਖ਼ਰੀਦਣ ਤੋਂ ਪਹਿਲਾਂ ਕਲੋਨੀ ਸਬੰਧੀ ਜਾਰੀ ਕੀਤੀ ਗਈ ਮਨਜ਼ੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ-ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।

ਇਸ ਤੋਂ ਇਲਾਵਾ ਉਨ੍ਹਾਂ ਨੇ ਕਿਹਾ ਕਿ ਪੁੱਡਾ ਦੇ ਖੇਤਰ ਵਿੱਚ 19 ਮਾਰਚ 2018 ਤੋਂ ਪਹਿਲਾਂ ਦੀਆਂ ਜੋ ਵੀ ਅਣ-ਅਧਿਕਾਰਤ ਕਲੋਨੀਆਂ ਅਪਲਾਈਡ ਹਨ, ਉਹ ਕਲੋਨਾਈਜ਼ਰ ਲੋੜੀਂਦੇ ਦਸਤਾਵੇਜ਼ ਜਮਾਂ ਕਰਵਾਉਂਦੇ ਹੋਏ ਤੁਰੰਤ ਆਪਣੀਆਂ ਕਲੋਨੀਆਂ ਨੂੰ ਰੈਗੂਲਰ ਕਰਵਾਉਣ ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਕਲੋਨਾਈਜ਼ਰ/ ਪ੍ਰਮੋਟਰ ਬਿਨਾਂ ਵਿਭਾਗ ਦੀ ਪਰਵਾਨਗੀ ਲਏ ਕੋਈ ਵੀ ਉਸਾਰੀ ਕਰਦਾ ਹੈ ਤਾਂ ਉਨ੍ਹਾਂ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਮੇਲਿਆਂ ਤਿਉਹਾਰਾਂ ਦੌਰਾਨ ਲੱਗਣ ਵਾਲੇ ਝੂਲਿਆਂ ਦੇ ਸੁਰੱਖਿਆ ਸਰਟੀਫਿਕੇਟ ਜਮ੍ਹਾਂ ਕਰਵਾਉਣ ਦੇ ਨਿਰਦੇਸ਼

ਅੰਮ੍ਰਿਤਸਰ, (ਲੋਕ ਬਾਣੀ) ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ਼੍ਰੀਮਤੀ ਸਾਕਸ਼ੀ ਸਾਹਨੀ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐਨ. ਐਸ.ਐਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਅੰਮ੍ਰਿਤਸਰ ਅਧਿਕਾਰ ਖੇਤਰ ਅਧੀਨ ਆਉਂਦੇ ਵੱਖ-ਵੱਖ ਥਾਵਾਂ ਜਿਵੇਂ ਮਾਲ, ਮੈਦਾਨ ਆਦਿ ਤੇ ਲੱਗਣ ਵਾਲੇ ਤਿਉਹਾਰਾਂ/ਮੇਲਿਆਂ ਦੌਰਾਨ ਬੱਚਿਆਂ ਲਈ ਰਾਈਡਜ਼, ਖਿਲੌਣਾ ਟਰੇਨਾਂ ਵਿੱਚ ਭਾਰੀ ਭੀੜ ਵੇਖਣ ਨੂੰ ਮਿਲਦੀ ਹੈ, ਇਸ ਵਿੱਚ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਣ ਲਈ ਸਾਰੀਆਂ ਸਵਾਰੀਆਂ ਅਤੇ ਖੇਡ ਦੇ ਖੇਤਰ ਦੇ ਉਪਕਰਣਾਂ ਦੀ ਸਰਵਿਸ ਹੋਣੀ ਜ਼ਰੂਰੀ ਹੈ ਅਤੇ ਉਨ੍ਹਾਂ ਦੇ ਸੁਰੱਖਿਆ ਸਰਟੀਫਿਕੇਟ ਵੀ 15 ਦਿਨਾਂ ਦੇ ਅੰਦਰ-ਅੰਦਰ ਕਮਿਸ਼ਨਰ ਨਗਰ ਨਿਗਮ ਅਤੇ ਸਾਰੇ ਕਾਰਜਕਾਰੀ ਅਫ਼ਸਰਾਂ, ਨਗਰ ਕੌਂਸਲਾਂ ਨੂੰ ਆਪੋ ਆਪਣੇ ਅਧਿਕਾਰ ਖੇਤਰ ਵਿੱਚ ਜਮ੍ਹਾ ਕਰਵਾਉਣੇ ਜ਼ਰੂਰੀ ਹਨ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਮੇਲਿਆਂ, ਤਿਉਹਾਰਾਂ ਅਤੇ ਮਾਲ ਵਿੱਚ ਜਿਸ ਸਥਾਨ ਤੇ ਵੀ ਝੂਲੇ ਲਗਾਏ ਜਾਣੇ ਹਨ। ਉੱਥੇ ਸੁਰੱਖਿਆ ਪ੍ਰੋਟੋਕੋਲ ਦੀ ਨਿਗਰਾਨੀ ਲਈ ਇਮਾਰਤ ਦੇ ਮਾਲਕ/ਓਪਰੇਟਰ ਵਲੋਂ ਇਕ ਸੁਰੱਖਿਆ ਅਧਿਕਾਰੀ ਨਿਯੁਕਤ ਹੋਣਾ ਚਾਹੀਦਾ ਹੈ। ਉਨਾਂ ਕਿਹਾ ਕਿ ਬੱਚਿਆਂ ਦੇ ਖੇਡ ਖੇਤਰਾਂ ਵਿੱਚ ਸਾਰੀਆਂ ਸਵਾਰੀਆਂ ਅਤੇ ਮਸ਼ੀਨਾਂ ਲਈ ਸੁਰੱਖਿਆ ਪ੍ਰੋਟੋਕੋਲ ਜਨਤਕ ਤੌਰ ਤੇ ਪ੍ਰਦਰਸ਼ਿਤ ਹੋਣੇ ਚਾਹੀਦੇ ਹਨ ਅਤੇ ਕਿਸੇ ਵੀ ਡਾਕਟਰੀ ਐਮਰਜੈਂਸੀ ਨੂੰ ਸੰਭਾਲਣ ਲਈ ਇਕ ਮੈਡੀਕਲ ਐਮਰਜ਼ੈਂਸੀ ਸਥਾਪਿਤ ਕਰਵਾਉਣਾ ਜ਼ਰੂਰੀ ਹੈ। ਉਨਾਂ ਕਿਹਾ ਕਿ ਇਹ ਹੁਕਮ ਤੁਰੰਤ ਲਾਗੂ ਹੋਣਗੇ ਅਤੇ ਅਗਲੇ ਹੁਕਮਾਂ ਤੱਕ ਜਾਰੀ ਰਹਿਣਗੇ।

# ਵਧੀਕ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ ਆਯੋਜਿਤ

ਲੁਧਿਆਣਾ, (ਸੁਖਚੈਨ ਮਹਿਰਾ) - ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰੋਹਿਤ ਗੁਪਤਾ, ਪੀ.ਸੀ.ਐਸ. ਦੀ ਪ੍ਰਧਾਨਗੀ ਹੇਠ, ਜ਼ਿਲ੍ਹਾ ਸੈਨਿਕ ਬੋਰਡ, ਲੁਧਿਆਣਾ ਦੀ ਤਿਮਾਹੀ ਮੀਟਿੰਗ ਦਾ ਆਯੋਜਨ ਹੋਇਆ।

ਦਫਤਰ ਵਧੀਕ ਡਿਪਟੀ ਕਮਿਸ਼ਨਰ ਵਿਖੇ ਹੋਈ ਮੀਟਿੰਗ ਦੌਰਾਨ, ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਲੁਧਿਆਣਾ ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਸੇਵਾ ਮੁਕਤ) ਵੱਲੋਂ ਵਿਭਾਗ ਦੇ ਚੱਲ ਰਹੇ ਕਾਰਜ਼ਾਂ ਤੇ ਚਾਨਣਾ ਪਾਇਆ। ਉਨ੍ਹਾਂ 01 ਅਪ੍ਰੈਲ, 2024 ਤੋਂ 31 ਜਨਵਰੀ, 2025 ਤੱਕ ਦਫਤਰ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ ਅਤੇ ਵਿਭਾਗ ਵਿੱਚ ਚਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵੀ ਜਾਣੂੰ ਕਰਵਾਇਆ।

ਮੀਟਿੰਗ ਦੌਰਾਨ ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਵੱਲੋਂ ਉਠਾਏ ਗਏ ਵੱਖ-2 ਮੁੱਦਿਆਂ ਤੇ ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ ਵੱਲੋਂ ਸਬੰਧਤ ਵਿਭਾਗਾਂ ਨੂੰ ਹਦਾਇਤਾਂ ਜਾਰੀ ਕਰਦਿਆਂ ਪਹਿਲ ਦੇ ਆਧਾਰ ਤੇ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਏ.ਸੀ.ਐਸ.ਟੀ., ਲੁਧਿਆਣਾ-1 ਡਾ. ਦੀਪਕ ਭਾਟੀਆ, ਡੀ.ਐਸ.ਪੀ. ਲੁਧਿਆਣਾ (ਦਿਹਾਤੀ) ਇੰਦਰਜੀਤ ਸਿੰਘ ਬੋਪਾਰਾਏ, ਸੀਨੀਅਰ ਇੰਡਸਟੀਅਲ ਪ੍ਰਮੋਸ਼ਨ ਅਫਸਰ ਲੁਧਿਆਣਾ ਰਿਸ਼ਭ ਗਰਗ, ਜ਼ਿ੍ਹਲਾ ਸਿੱਖਿਆ ਅਫਸਰ (ਸੈਕੰਡਰੀ), ਲੁਧਿਆਣਾ ਡਿੰਪਲ ਮਦਾਨ, ਦਫਤਰ ਸਿਵਲ ਸਰਜਨ ਲੁਧਿਆਣਾ ਡਾ. ਵਿਵੇਕ ਕੁਮਾਰ, ਲੈਫਟੀਨੈਂਟ ਕਰਨਲ ਕੁਲਦੀਪ ਸਿੰਘ, ਸਟੇਸ਼ਨ ਹੈਡਕੁਆਰਟਰ, ਲੁਧਿਆਣਾ, ਨੁਮਾਇੰਦਾ ਆਰਮੀ ਭਰਤੀ ਦਫਤਰ ਲੁਧਿਆਣਾ, ਵਰਿੰਦਰਪਾਲ ਸਿੰਘ, ਇੰਸਪੈਕਟਰ, ਦਫਤਰ ਪੁਲਿਸ਼ ਕਮਿਸ਼ਨਰ, ਲੁਧਿਆਣਾ, ਜਤਿੰਦਰ ਕੁਮਾਰ, ਸੁਪਰਡੰਟ, ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਲੁਧਿਆਣਾ ਅਤੇ ਦਫਤਰ ਸਟਾਫ ਮੀਟਿੰਗ ਵਿੱਚ ਮੌਜੂਦ ਸਨ।



# ਸੀ ਐਚ ਸੀ ਮਹਿਲ ਕਲਾਂ ਨੇ ਰਾਜ ਪੱਧਰ ਤੇ ਪ੍ਰਾਪਤ ਕੀਤਾ ਤੀਜਾ ਸਥਾਨ




ਮਹਿਲ ਕਲਾਂ, (ਲੋਕ ਬਾਣੀ) ਸਿਵਲ ਸਰਜਨ ਬਰਨਾਲਾ ਡਾ.ਬਲਦੇਵ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਬਲਾਕ ਮਹਿਲ ਕਲਾਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ ਗੁਰਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਸੀ ਐਚ ਸੀ ਮਹਿਲ ਕਲਾਂ ਨੇ ਕਾਇਆਕਲਪ ਪੋ੍ਗਰਾਮ ਵਿੱਚ 94.76 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਕੇ ਰਾਜ ਵਿੱਚ ਤੀਜਾ ਸਥਾਨ ਪਾ੍ਪਤ ਕੀਤਾ ਹੈ। ਇਹ ਜਾਣਕਾਰੀ ਐਸ ਐਮ ਓ ਡਾ ਗੁਰਤੇਜਿੰਦਰ ਕੌਰ ਵਲੋਂ ਸਾਂਝੀ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਨਤੀਜਾ ਹਸਪਤਾਲ ਸਟਾਫ ਦੀ ਅਣਥੱਕ ਮਿਹਨਤ ਅਤੇ ਸਰਕਾਰ ਅਤੇ ਸਥਾਨਕ ਲੋਕਾਂ ਦੇ ਸਹਿਯੋਗ ਦਾ ਨਤੀਜਾ ਹੈ।

ਇਸ ਮੌਕੇ ਜਾਣਕਾਰੀ ਦਿੰਦਿਆਂ ਪੋ੍ਗਰਾਮ ਦੇ ਨੋਡਲ ਅਫ਼ਸਰ ਡਾ ਅੰਮ੍ਰਿਤਪਾਲ ਨੇ ਕਿਹਾ ਕਿ ਸਵੱਛ ਭਾਰਤ ਅਭਿਆਨ ਤਹਿਤ ਭਾਰਤ ਵਿੱਚ ਸਿਹਤ ਅਤੇ ਸਵੱਛਤਾ ਸਹੂਲਤਾਂ ਵਿੱਚ ਵਾਧਾ ਕਰਨ ਲਈ ਸਰਕਾਰ ਵਲੋਂ 2015 ਵਿੱਚ ਕਾਇਆਕਲਪ ਅਵਾਰਡ ਸਕੀਮ ਦੀ ਸ਼ੁਰੂਆਤ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਚੈਕਿੰਗ ਟੀਮ ਵਲੋਂ ਰਾਊਂਡ ਦੌਰਾਨ ਹਸਪਤਾਲ ਦਾ ਵੱਖ ਵੱਖ ਮਾਣਕਾਂ ਜਿਵੇਂ ਕਿ ਸਫਾਈ ਤੇ ਸਵੱਛਤਾ ਪ੍ਬੰਧਨ, ਬਾਇਓਮੈਡੀਕਲ ਵੇਸਟ ਪ੍ਬੰਧਨ, ਲਾਗ ਰੋਕੂ ਪ੍ਬੰਧਨ, ਹਰਬਲ ਗਾਰਡਨ, ਹਸਪਤਾਲ ਦਾ ਆਮ ਪ੍ਬੰਧਨ, ਵਧੀਆ ਸਿਹਤ ਸਹੂਲਤਾਂ, ਡਰੈਸ ਕੋਡ ਆਦਿ ਦੇ ਅਧਾਰ ਤੇ ਮੁਲਾਂਕਣ ਕੀਤਾ ਗਿਆ।

ਇਸ ਮੌਕੇ ਡਾ ਗੁਰਤੇਜਿੰਦਰ ਕੌਰ ਵਲੋਂ ਸਾਰੇ ਸਟਾਫ ਨੂੰ ਵਧਾਈ ਦਿੱਤੀ ਗਈ ਅਤੇ ਭਵਿੱਖ ਵਿੱਚ ਵੀ ਅਜਿਹੇ ਨਤੀਜੇ ਕਾਇਮ ਰੱਖਣ ਦਾ ਆਸ਼ਵਾਸਨ ਦਿੱਤਾ ਗਿਆ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਅਹਿਮਦਗੜ੍ਹ ਵਿਖੇ ਐਮ.ਆਰ.ਐਫ., ਕੂੜੇ ਦੇ ਡੰਪ,ਕੰਪੋਸਟ ਪਿਟਾਂ ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਲਿਆ ਗਿਆ ਜਾਇਜ਼ਾ

ਅਹਿਮਦਗੜ੍ਹ/ਮਾਲੇਰਕੋਟਲਾ (ਲੋਕ ਬਾਣੀ)

ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਸਵੱਛ ਭਾਰਤ ਮਿਸ਼ਨ ਤਹਿਤ ਸਬ ਡਵੀਜਨ ਅਹਿਮਦਗੜ੍ਹ ਵਿਖੇ ਸਥਾਪਿਤ ਐਮ.ਆਰ.ਐਫ.(ਮੈਟੀਰੀਅਲ ਰਿਕਵਰੀ ਫੈਸਿਲਟੀ)ਸੈਂਟਰ (ਜਿੱਥੇ ਗਿੱਲਾ ਅਤੇ ਸੁੱਕਾ ਕੂੜਾ ਵੱਖ-ਵੱਖ ਕੀਤਾ ਜਾਂਦਾ ਹੈ),ਕੂੜੇ ਦੇ ਡੰਪ ਤੇ ਸੀਵਰੇਜ ਟ੍ਰੀਟਮੈਂਟ ਪਲਾਂਟ,ਕੰਪੋਸਟ ਪਿਟਾਂ ਦਾ ਦੌਰਾ ਕੀਤਾ । ਸਫਾਈ ਵਿਵਸਥਾ ਵਿੱਚ ਹੋਰ ਸੁਧਾਰ ਨੂੰ ਯਕੀਨੀ ਬਣਾਉਣ ਦੇ ਨਿਰਦੇਸ ਦਿੰਦਿਆ ਉਨ੍ਹਾਂ ਸੀਵਰੇਜ ਟ੍ਰੀਟਮੈਂਟ ਪਲਾਂਟ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਲਈ ਕਿਹਾ ।

ਵਧੀਕ ਡਿਪਟੀ ਕਮਿਸ਼ਨਰ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਕੂੜਾ ਘਟਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਅਤੇ ਇਸ ਲਈ ਕੇਵਲ ਕੁਝ ਕੁ ਗੱਲਾਂ ਦਾ ਧਿਆਨ ਰੱਖਣ, ਜਿਸ ਨਾਲ ਕੂੜੇ ਦਾ ਨਿਪਟਾਰਾ ਸੁਚੱਜੇ ਤੇ ਵਾਤਾਵਰਣ ਪੱਖੀ ਢੰਗ ਨਾਲ ਸਹਿਜੇ ਹੀ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਜੇਕਰ ਹਰ ਨਾਗਰਿਕ ਆਪਣੀ ਨੈਤਿਕ, ਸਮਾਜਿਕ ਜਿੰਮੇਵਾਰੀ ਸਮਝਦੇ ਹੋਏ ਆਪਣੇ ਘਰਾਂ ਵਿੱਚ ਪੈਦਾ ਹੁੰਦੇ ਕੂੜੇ ਦੀ ਮਿਕਦਾਰ ਨੂੰ ਘਟਾਉਣ,100 ਫੀਸਦੀ ਗਿੱਲਾ ਤੇ ਸੁੱਕਾ ਵੱਖ-ਵੱਖ ਕਰਨਾ ਯਕੀਨੀ ਅਤੇ ਦੁਬਾਰਾ ਵਰਤੀ ਜਾਣ ਵਾਲੀਆਂ ਵਸਤਾਂ ਨੂੰ ਰੀਸਾਇਕਲ ਕਰਨ ਲਈ ਭੇਜੇ ਤਾਂ ਅਸੀਂ ਆਪਣੇ ਆਲੇ ਦੁਆਲੇ ਨੂੰ ਕੂੜਾ ਮੁਕਤ ਕਰਕੇ ਹਰਿਆ-ਭਰਿਆ ਤੇ ਸਾਫ਼-ਸੁੱਥਰਾ ਬਣਾ ਸਕਦੇ ਹਾਂ। ਉਨ੍ਹਾਂ ਨੇ ਲੋਕਾਂ ਨੂੰ ਵਾਤਾਵਰਣ ਪੱਖੀ ਰੁੱਖ ਅਖਤਿਆਰ ਕਰਦਿਆਂ ਆਪਣੇ ਆਲੇ ਦੁਆਲੇ,ਸਾਂਝੇ ਸਥਾਨਾਂ ਤੇ ਦਰੱਖਣ ਲਗਾਉਣ ਲਈ ਵੀ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਸ਼ਹਿਰ ਵਿੱਚੋਂ ਗਿੱਲਾ ਤੇ ਸੁੱਕਾ ਕੂੜਾ 100 ਫੀਸਦੀ ਵੱਖੋ-ਵੱਖ ਕਰਕੇ ਹੀ ਇਕੱਠਾ ਕੀਤਾ ਜਾਵੇ ਤਾਂ ਕਿ ਕੂੜੇ ਦੇ ਢੇਰ ਨਾ ਲੱਗਣ। ਉਨ੍ਹਾਂ ਕਿਹਾ ਕਿ ਐਮ.ਆਰ.ਐਫ. ਨੂੰ ਹੋਰ ਸੁਚਾਰੂ ਢੰਗ ਨਾਲ ਚਲਾਇਆ ਜਾਵੇ ਤਾਂ ਕਿ ਸ਼ਹਿਰ ਦਾ ਸਾਰਾ ਕੂੜਾ ਹੀ ਇੱਥੇ ਆਵੇ ਤੇ ਕੂੜੇ ਦਾ ਵਾਤਾਵਰਣ ਪੱਖੀ ਢੰਗ ਨਾਲ ਸਹੀ ਨਿਪਟਾਰਾ ਕੀਤਾ ਜਾ ਸਕੇ। ਇਸ ਤੋਂ ਬਾਅਦ ਉਨ੍ਹਾਂ ਡੰਪ ਸਾਇਟ ਦਾ ਦੌਰਾ ਕੀਤਾ, ਜਿਥੇ ਉਨ੍ਹਾਂ ਨੇ ਨਗਰ ਕੌਸਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੂੜੇ ਦੇ ਇਸ ਢੇਰ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ।



ਸੁਖਪ੍ਰੀਤ ਸਿੰਘ ਸਿੱਧੂ ਨੇ ਅਹਿਮਦਗੜ੍ਹ ਵਿਖੇ ਸਥਾਪਿਤ 07 ਟਨ ਪ੍ਰਤੀ ਦਿਨ ਸਮਰੱਥਾ ਵਾਲੇ ਮੈਟੀਰੀਅਲ ਤੇ ਰਿਕਵਰੀ ਫੈਸਿਲਟੀ ਤੇ ਪਲਾਸਟਿਕ ਰੀਸਾਇਕਲਿੰਗ ਫੈਸਿਲਟੀ ਦਾ ਪੂਰਾ ਲਾਭ ਲੈਣ ਲਈ ਆਖਿਆ। ਇਸ ਮੌਕੇ ਕਾਰਜ ਸਾਧਕ ਅਫ਼ਸਰ ਵਿਕਾਸ ਉੱਪਲ,ਸੈਨੇਟਰੀ ਸੁਪਰਡੈਂਟ ਹਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ ।

# ਡਾਕਟਰ ਸ਼ਰਮਾ ਨੇ ਮਾਸਟਰ ਗੇਮਜ ਵਿੱਚ ਜਿੱਤੇ ਤਿੰਨ ਮੈਡਲ ।

ਸੰਗਰੂਰ, (ਲੋਕ ਬਾਣੀ) ਲਵਲੀ ਯੂਨੀਵਰਸਿਟੀ ਜਲੰਧਰ ਵਿਖੇ 8,9 ਫਰਬਰੀ ਨੂੰ ਹੋਈਆਂ ਮਾਸਟਰ ਗੇਮਜ ਖੇਡਾਂ ਵਿੱਚ ਡਾਕਟਰ ਸੁਖਦੇਵ ਸ਼ਰਮਾ ਹਰਿਆਉ ਡਸਕਾ ਨੇ 5000 ਮੀਟਰ ( 5 ਕਿ.ਮੀ ) ਰੇਸ 27 ਮਿੰਟ ਵਿੱਚ ਲਾਕੇ ਸਿਲਵਰ ਮੈਡਲ ਅਤੇ 10000 ਮੀਟਰ ਰੇਸ 61 ਮਿੰਟ ਲਾਕੇ ਵਿਚ ਬਰਾਊਨ ਮੈਡਲ ਅਤੇ 1500 ਮੀਟਰ ਰੇਸ ਬਰਾਊਨ ਮੈਡਲ ਜਿੱਤਕੇ ਆਪਣੇ ਪਿੰਡ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਅਤੇ ਨੈਸ਼ਨਲ ਖੇਡਾਂ ਲਈ ਕੁਆਲੀਫਾਈ ਕੀਤਾ।



ਇਸ ਮੌਕੇ ਉਨ੍ਹਾਂ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਪੰਜਾਬ, ਤਪਿੰਦਰ ਸਿੰਘ ਸੋਹੀ ਓ.ਐਸ.ਡੀ ਹਰਪਾਲ ਸਿੰਘ ਚੀਮਾਂ, ਡਾਕਟਰ ਵਿਕਰਮ ਜਿੰਦਲ, ਬਸੰਤ ਹਸਪਤਾਲ ਸੁਨਾਮ, ਨਰਿੰਦਰ ਸਿੰਘ ਠੇਕੇਦਾਰ ਸੁਨਾਮ , ਡਾਕਟਰ ਸੁਬੇਗ ਰੱਤਾਖੇੜਾ,ਚਰਨਜੀਤ ਸ਼ਰਮਾ ਇੰਸਪੈਕਟਰ ਹਰਿਆਉ, ਗੁਰਵਿੰਦਰ ਸਿੰਘ ਗਿੱਲ ਚੰਡੀਗੜ੍ਹ, ਬਿੰਦਰਪਾਲ ਸ਼ਰਮਾ ਸਰਪੰਚ ਨਮੋਲ , ਮਾਸਟਰ ਬਲਵੰਤ ਗੰਢੂਆਂ, ਡਾਕਟਰ ਦਲਜੀਤ ਸਿੰਘ ਗੰਢੂਆਂ, ਡਾਕਟਰ ਭੀਮ ਸੈਨ ਕਾਂਸਲ ਚੀਮਾਂ ਮੰਡੀ, ਜੀਵਨ ਰੱਬੜ ਪ੍ਰਧਾਨ ਲਹਿਰਾ, ਸੰਤੋਸ ਰੇਸਰ ਕੋਟ ਬਖਤੂ, ਸਾਹਿਬ ਸਿੰਘ ਵਿਰਕ ਐਸ.ਐਚ.ਓ , ਧਰਮਾਂ ਹਰਿਆਉ, ਕਰਮਜੀਤ ਹਰਿਆਉ, ਵਿੱਕੀ ਮੱਲ, ਬਿੰਦਰੀ ਸ਼ਰਮਾ, ਦਿਲਪ੍ਰੀਤ ਸ਼ਰਮਾ ਅਸਟ੍ਰੇਲੀਆ, ਜਪਇੰਦਰ ਸ਼ਰਮਾ ਅਸਟ੍ਰੇਲੀਆ, ਬਰਨੱਬ ਸ਼ਰਮਾ ਚੰਡੀਗੜ੍ਹ, ਜਸ ਸ਼ਰਮਾ ਅਸਟ੍ਰੇਲੀਆ, ਤਰਨ ਗਿੱਲ ਚੰਡੀਗੜ੍ਹ , ਡਾਕਟਰ ਬੰਤ ਸਿੰਘ ਸਤੌਜ, ਮਾਸਟਰ ਤੇਜਾ ਸਿੰਘ ਮੋੜ, ਕੁਲਦੀਪ ਸਿੰਘ ਸੰਧੂ ਲਹੌਰੀਆ, ਗੁਰਮੀਤ ਸਰਪੰਚ, ਕੁਲਵਿੰਦਰ ਸਿੰਘ ਸਾਬਕਾ ਸਰਪੰਚ, ਲਖਵਿੰਦਰ ਸਿੰਘ ਸਾਬਕਾ ਸਰਪੰਚ, ਕੁਲਵੰਤ ਸਿੰਘ ਫੌਜੀ ,ਬਲਿਹਾਰ ਸਿੰਘ ਸਰਾਂ, ਅੰਗਰੇਜ਼ ਸਿੰਘ ਪੰਚ, ਜਸਪਾਲ ਸ਼ਰਮਾ ਪੰਚ, ਕਾਲਾ ਸਿੰਘ ਚਚੋਰੀਆ, ਵੀਰ ਸਿੰਘ ਮਿਸਤਰੀ, ਪ੍ਰੀਤਪਾਲ ਸਿੰਘ ਪ੍ਰੀਤ, ਕੁਲਦੀਪ ਸਿੰਘ ਸਰਾਂ, ਨੇ ਮੁਬਾਰਕਬਾਦ ਦਿੱਤੀ।

# ਸਮਾਜ ਸੇਵੀ ਸਰਬਜੀਤ ਸਿੰਘ ਨੇ ਹਾਦਸੇ ਚ, ਹੋਏ ਗੰਭੀਰ ਵਿਅਕਤੀਆ ਨੂੰ ਪਹੁੰਚਾਇਆ ਹਸਪਤਾਲ

ਜੰਡਿਆਲਾ ਗੁਰੁ (ਲੋਕ ਬਾਣੀ) ਅੱਜ ਜਲੰਧਰ ਅੰਮ੍ਰਿਤਸਰ ਹਾਈਵੇ ਨਜ਼ਦੀਕ ਇੰਜੀਨੀਅਰ ਕਾਲਜ ਮਾਨਾ ਵਾਲਾ ਵਿਖੇ ਇੱਕ ਬਜ਼ੁਰਗ ਤੇ ਨੌਜਵਾਨ ਨੂੰ ਇੱਕ ਕਾਰ ਨੇ ਟੱਕਰ ਮਾਰ ਦਿੱਤੀ ਜਿੰਨਾ ਦੇ ਕਾਫੀ ਗੰਭੀਰ ਸੱਟਾਂ ਗਈਆਂ ਜਿਸ ਨੂੰ ਦੇਖਦੇ ਹੀ ਸਮਾਜ ਸੇਵੀ ਸਰਬਜੀਤ ਸਿੰਘ ਸੋਨੂ ਜੰਡਿਆਲਾ ਗੁਰੂ ਮੌਕੇ ਤੇ ਕਿਸੇ ਆਪਣੇ ਨਿੱਜੀ ਕੰਮ ਲਈ ਜਾ ਰਹੇ ਸਨ ਜਿਨਾਂ ਨੇ ਜਖਮੀ ਹੋਏ ਦੋਵਾਂ ਵਿਅਕਤੀਆਂ ਨੂੰ ਆਪਣੀ ਰਹਿਮਦਿਲੀ ਦਿਖਾਉਂਦੇ ਹੋਏ ਨੇੜੇ ਦੇ ਸਿਹਤ ਕੇਂਦਰ ਮਾਨਾਵਾਲਾ ਕਲਾ ਵਿਖੇ ਪਹੁੰਚਿਆ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਬਜੀਤ ਸਿੰਘ ਨੂੰ ਸੋਨੂੰ ਨੇ ਕਿਹਾ ਕਿ ਬਹੁਤ ਦੁੱਖ ਦੀ ਗੱਲ ਹੈ ਕਿ ਲੋਕ ਆਲੇ ਦੁਆਲੇ ਲੰਘਦੇ ਗਏ ਪਰ ਕੋਈ ਵੀ ਮਦਦ ਕਰਨ ਲਈ ਅੱਗੇ ਨਹੀਂ ਆਇਆ ਸਰਬਜੀਤ ਸੋਨੂ ਨੇ ਪੁਲਿਸ ਨੂੰ ਮੌਕੇ ਤੇ ਇਤਲਾਹ ਦਿੱਤੀ ਤੇ 112 ਨੰਬਰ ਗੱਡੀ ਨੂੰ ਬੁਲਾ ਕੇ ਜਾਣਕਾਰੀ ਦੇਂਦੇ ਹੋਏ ਕਿਹਾ ਕਿ ਦੋ ਨੌਜਵਾਨਾਂ ਦਾ ਆਕਸੀਡੈਂਟ ਹੋਇਆ ਹੈ ਜੋ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਜੱਟਾ ਦੇ ਰਹਿਣ ਵਾਲੇ ਹਨ ਇੱਕ ਦਾ ਨਾਮ ਸਤਨਾਮ ਸਿੰਘ ,ਤੇ ਦੂਜੇ ਦਾ ਨਾਮ ਸ਼ਮਸ਼ੇਰ ਸਿੰਘ

ਹੈ ਸੋਨੂੰ ਵਲੋ ਕੀਤੇ ਗਏ ਚੰਗੇ ਕਾਰਜ ਨਾਲ ਸਮੇ ਸਿਰ ਹਸਪਤਾਲ ਪਹੁੰਚਾਉਣ ਤੇ ਦੋਵਾਂ ਦੀ ਬਚੀ ਜਾਨ ਨੂੰ ਦੇਖਦੇ ਹੋਏ ਸਤਨਾਮ ਸਿੰਘ ਤੇ ਸ਼ਮਸ਼ੇਰ ਸਿੰਘ ਦੇ ਪਰਿਵਾਰ ਵਾਲਿਆਂ ਨੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਦਾ ਦਿਲੋਂ ਧੰਨਵਾਦ ਕੀਤਾ ਜਿਨਾਂ ਨੇ ਇੱਕ ਚੰਗੇ ਇਨਸਾਨ ਹੋਣ ਦਾ ਤੇ ਇੱਕ ਜਿੰਮੇਵਾਰ ਨਾਗਰਿਕ ਹੋਣ ਦਾ ਫਰਜ਼ ਅਦਾ ਕੀਤਾ ਇਸ ਮੌਕੇ ਤੇ ਸਮਾਜ ਸੇਵੀ ਸਰਬਜੀਤ ਸਿੰਘ ਹੋਈ ਹੋਰ ਗੱਲਬਾਤ ਦੌਰਾਨ ਸੋਨੂੰ ਜੰਡਿਆਲਾ ਨਾਲ ਜਦੋਂ ਗੱਲ ਕੀਤੀ ਤੇ ਉਹਨਾਂ ਕਿਹਾ ਕਿ ਇਹ ਮੇਰਾ ਮੁਢਲਾ ਫਰਜ਼ ਹੈ ,ਤੇ ਮੈਂ ਇਸ ਤੋਂ ਪਹਿਲਾਂ ਵੀ ਆਪਣਾ ਫਰਜ਼ ਸਮਝਦਿਆਂ ਹੋਇਆਂ ਕਈ ਵਾਰ ਰੋਡ ਤੇ ਕੋਈ ਐਕਸੀਡੈਂਟ ਹੁੰਦਾ ਹੈ ਤੇ ਉਸਦੀ ਇਤਲਾਹ ਪੁਲਿਸ ਨੂੰ ਦੇ ਕੇ ਮਰੀਜ਼ ਨੂੰ ਹਸਪਤਾਲ ਪਹੁੰਚਾ ਦਿਨਾ ਹਾਂ ਉਹਨਾਂ ਹੋਰਨਾਂ ਨਾਗਰਿਕਾਂ ਨੂੰ ਜਾਗਰੂਕ ਕਰਦਿਆਂ ਹੋਇਆਂ ਕਿਹਾ ਕਿ ਸਾਡਾ ਸਾਰਿਆਂ ਦਾ ਇਨਸਾਨੀਅਤ ਨਾਤੇ ਫਰਜ਼ ਬਣਦਾ ਹੈ ਕਿ ਜੇਕਰ ਰੋਡ ਤੇ ਕਿਸੇ ਦਾ ਕੋਈ ਐਕਸੀਡੈਂਟ ਹੋਵੇ ਅਸੀਂ ਉਸਦੀ ਵੀਡੀਓ ਨਾ ਬਣਾਈ ਜਾਵੇ ਸਗੋਂ ਸਰਕਾਰ ਦਾ 112 ਨੰਬਰ ਹੈਲਪਲਾਈਨ ਡਾਇਲ ਕਰਕੇ ਪੁਲਿਸ ਸੁਰੱਖਿਆ ਫੋਰਸ ਨੂੰ ਬੁਲਾਇਆ ਜਾਵੇ ,ਤੇ ਮਰੀਜ਼ ਨੂੰ ਹਸਪਤਾਲ ਪਹੁੰਚਾਇਆ ਜਾਵੇ ਤਾਂ ਜ਼ੋ ਕਿਸੇ ਦੀ ਕੀਮਤੀ ਜਾਨ ਨੂੰ ਬਚਾਇਆ ਜਾ ਸਕੇ ਤਾਂ ਹੀ ਅਸੀਂ ਚੰਗੇ ਨਾਗਰਿਕ ਹੋਣ ਦੀ ਕਤਾਰ ਵਿੱਚ ਸ਼ਾਮਿਲ ਹੋ ਸਕਦੇ ਹਾਂ ਸਮਾਜ ਸੇਵੀ ਸਰਬਜੀਤ ਸੋਨੂ ਵੱਲੋਂ ਦਿਖਾਈ ਗਈ ਆਪਣੀ ਰਹਿਮ ਦਿਲੀ ਦੀ ਸ਼ਲਾਘਾ ਆਸ ਪਾਸ ਦੇ ਪਿੰਡਾਂ ਵਿੱਚ ਖੂਬ ਕੀਤੀ ਜਾ ਰਹੀ ਹੈ।

# ਜਰੂਰੀ ਮੁਰੰਮਤ ਦੌਰਾਨ ਬਿਜਲੀ ਰਹੇਗੀ ਬੰਦ

PSPCL
PUNJAB STATE POWER CORPORATION LTD.

ਅੰਮ੍ਰਿਤਸਰ (ਲੋਕ ਬਾਣੀ) ਉਪ ਮੰਡਲ ਅਫ਼ਸਰ ਗੋਲਡਨ ਟੈਂਪਲ ਸ੍ਰ ਉਂਕਾਰ ਸਿੰਘ ਨੇ ਦੱਸਿਆ ਕਿ 132ਕੇ. ਵੀ, ਜੀ ਟੀ ਰੋਡ ਅਤੇ 66 ਕੇ.ਵੀ ਗੋਲਡਨ ਟੇਪਲ ਘਿਉ ਮੰਡੀ ਤੋ ਚਲਦੇ ਫੀਡਰ 11 ਕੇ ਵੀ ਸਰਾਏ ਗੁਰੂ ਰਾਮ

ਦਾਸ ਅਤੇ 11 ਕੇ.ਵੀ ਲੱਕੜ ਮੰਡੀ ਫੀਡਰ ਮਿਤੀ 12ਫਰਵਰੀ ਦਿਨ ਬੁੱਧਵਾਰ ਨੂੰ 11ਕੇ ਵੀ ਸਰਾਏ ਗੁਰੂ ਰਾਮਦਾਸ ਜੀ ਦਾ ਡੀ ਲੋਡਿੰਗ ਮੁਰੰਮਤ ਦਾ ਕੰਮ ਕਰਨ ਲਈ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ ਜਿਸ ਦੌਰਾਨ ਚੌਂਕ ਪ੍ਰਾਗਦਾਸ,ਚੌਂਕ ਮੰਨਾ ਸਿੰਘ,ਚੌਂਕ ਬਾਬਾ ਸਾਹਿਬ, ਘੰਟਾ ਘਰ,ਗਲੀ ਗੁਜਰਾ, ਲੱਕੜ ਮੰਡੀ ਬਜ਼ਾਰ,ਨੀਵੀਂ ਗਲੀ,ਬਾਜ਼ਾਰ ਕਾਰਖਾਨਾ, ਮਾਹਣਾ ਸਿੰਘ ਰੋਡ ਆਦਿ ਇਲਾਕਿਆਂ ਦੀ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ ॥

# ਸੀਨੀਅਰ ਤਾਈਕਵਾਂਡੋ ਕੋਚ ਮੋਹਨ ਲਾਲ ਧੂਰੀ ਨੂੰ ਦਿੱਲੀ ਵਿਖੇ ਨੈਸ਼ਨਲ ਫਿਜ਼ੀਕਲ ਐਜੂਕੇਟਰ ਅਵਾਰਡ ਨਾਲ ਕੀਤਾ ਸਨਮਾਨਿਤ

ਧੂਰੀ (ਲੋਕ ਬਾਣੀ))ਪਟਨ ਐਮ.ਪੀ. ਸਿੰਘ ਸਪੋਰਟਸ ਟਰਸਟ (ਰਜਿ.) ਦਿੱਲੀ ਵੱਲੋਂ ਬੀਤੇ ਦਿਨੀ ਨੈਸ਼ਨਲ ਫਿਜ਼ੀਕਲ ਐਜੂਕੇਟਰ ਅਵਾਰਡ 20 25 ਦਾ ਅਯੋਜਨ ਸਰਵੋਦਿਆ ਵਿਦਿਆਲਿਆ ਨਿਊ ਪੁਲਿਸ ਲਾਈਨ ਕਿੰਗਵੇ ਕੈਂਪ ਦਿੱਲੀ ਵਿਖੇ ਕੀਤਾ ਗਿਆ। ਜਿਸ ਵਿੱਚ ਸ੍ਰੀ ਚੈਤੰਨਿਆ ਟੈਕਨੋ ਸਕੂਲ ਧੂਰੀ ਅਤੇ ਸੀ੍ ਗੁਰੂ ਤੇਗ ਬਹਾਦੁਰ ਪਬਲਿਕ ਸਕੂਲ ਬਰੜਵਾਲ ਧੂਰੀ ਦੇ ਸੀਨੀਅਰ ਤਾਈਕਵਾਂਡੋ ਕੋਚ ਮੋਹਨ ਲਾਲ ਧੂਰੀ ਦੀਆਂ ਪਿਛਲੇ ਲਮੇਂ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ ਅਤੇ ਇਹਨਾਂ ਦੀ ਕੋਚਿੰਗ ਸਦਕਾ ਅਨੇਕਾਂ ਹੀ ਖਿਡਾਰੀ ਨੈਸ਼ਨਲ ਅਤੇ ਇੰਟਰਨੈਸ਼ਨਲ ਲੈਵਲ ਤਕ ਮੈਡਲ ਜਿੱਤ ਚੁਕੇ ਹਨ ਇਹਨਾਂ ਦੀ ਪਾ੍ਪਤੀਆਂ ਨੂੰ ਵੇਖਦੇ ਹੋਏ ਇਹਨਾਂ ਨੂੰ ਨੈਸ਼ਨਲ ਫਿਜ਼ੀਕਲ ਐਜੂਕੇਟਰ ਅਵਾਰਡ ਲਈ ਚੁਣਿਆ ਗਿਆ ਅਤੇ ਮੁੱਖ ਮਹਿਮਾਨ ਭਾਰਤੀ ਹਾਕੀ ਦੇ ਮਹਾਨ ਓਲੰਪੀਅਨ ਅਸ਼ੋਕ ਧਿਆਨ ਚੰਦ ਜੀ ਅਰਜੁਨ ਐਵਾਰਡੀ ਅਤੇ ਸੁੱਚਾ ਸਿੰਘ ਜੀ ਅਰਜੁਨ ਐਵਾਰਡੀ ਨੇ ਇਹਨਾਂ ਨੂੰ ਨੈਸ਼ਨਲ ਅਵਾਰਡ ਦੇ ਕੇ ਸਨਮਾਨਿਤ ਕੀਤਾ। ਉਹਨਾਂ ਬੋਲਦੇ ਹੋਏ ਕਿਹਾ ਕਿ ਇਹ ਅਵਾਰਡ ਉਹਨਾਂ ਨੂੰ ਦਿੱਤਾ ਗਿਆ ਹੈ ਜਿਹਨਾਂ ਨੇ ਖੇਡਾਂ ਨੂੰ ਪ੍ਮੋਟ ਕੀਤਾ ਅਤੇ ਆਪਣੇ ਆਪ ਨੂੰ ਖੇਡਾਂ ਨੂੰ ਸਮਰਪਿਤ ਕਰਦੇ ਹੋਏ ਦੇਸ਼ ਲਈ ਕੁੱਝ ਕਰਨ ਦਾ ਜਜਬਾ ਰਖਦੇ ਹਨ




ਮੈਂ ਉਨ੍ਹਾਂ ਦੇ ਜਜਬੇ ਨੂੰ ਸਲਾਮ ਕਰਦਾ ਹਾਂ । ਇਸ ਮੌਕੇ ਕੈਪਟਨ ਐਮ. ਪੀ. ਸਿੰਘ ਏਸੀਅਨ ਮੈਡਲਿਸਟ ਬਾਕਸਿੰਗ, ਸੁਖਵਿੰਦਰ ਸਿੰਘ ਪ੍ਧਾਨ ਕੈਪਟਨ ਐਮ.ਪੀ.ਸਪੋਰਟਸ ਟਰਸਟ ਦਿੱਲੀ, ਐਡਵੋਕੇਟ ਮੁਸੀਰ ਖਾਨ ਅਤੇ ਉੱਘੇ ਖੇਡ ਲੇਖਕ ਮਨਦੀਪ ਸਿੰਘ ਸੁਨਾਮ ਅਦਿ ਹਾਜ਼ਰ ਸਨ।

# ਸੰਤ ਬਾਬਾ ਪ੍ਰਗਟ ਨਾਥ ਸੇਵਾਦਾਰਾ ਨੂੰ ਕੀਤਾ ਸਨਮਾਨਿਤ



ਅੰਮ੍ਰਿਤਸਰ (ਲੋਕ ਬਾਣੀ)) ਗਿਆਨ ਨਾਥ ਜੀ ਦੀ ਵਾਲਮੀਕ ਤੀਰਥ ਦੀ ਆਜ਼ਾਦੀ ਲੈਣ ਲਈ ਤਪੱਸਿਆ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਇਹ ਵਿਚਾਰ ਗੁਰੂ ਗਿਆਨ ਨਾਥ ਦੇ ਇਤਿਹਾਸਿਕ ਮੇਲਾ 9 10 ਫਰਵਰੀ ਨੂੰ ਮਨਾਉਂਦਿਆਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਪ੍ਰਗਟ ਨਾਥ ਸਾਂਝੇ ਕੀਤੇ ਜਿੱਥੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਮੇਲੇ ਦੌਰਾਨ ਸੇਵਾਦਾਰਾਂ ਵੱਲੋਂ ਵੱਖ-ਵੱਖ ਡਿਊਟੀਆਂ ਨਿਭਾਈਆਂ ਗਈਆਂ ਹਨ ਉਥੇ ਸਮੁੱਤੀ ਸਾਧ ਸੰਗਤ ਦਾ ਧੰਨਵਾਦ ਕਰਦਿਆਂ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology | Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
64 YEARS OF EDUCATIONAL EXCELLENCE
FREE BUS SERVICE FOR ALL COLLEGE STUDENTS FOR ALL ROUTES
ENGINEERING | HOTEL MANAGEMENT | MANAGEMENT & COMMERCE | DEGREE COURSES
PARAMEDICAL COURSES | POLYTECHNIC DIPLOMA | MEDIA & FASHION | INFORMATION TECHNOLOGY
LAW | TEACHER / PHYSICAL EDUCATION | NURSING TRAINING | ARCHITECTURE
INDUSTRIAL TRAINING INSTITUTE
CANADIAN PATHWAY PROGRAMS
CORP. OFFICE : 680-L MODEL TOWN, JALANDHAR.
www.stsoldiergroup.com